PAIGAM-E-JAGAT

ਪੈ.ਗਾਮ-ਏ-ਜਗਤ

ਇਹ ਕਿਹੋ ਜਿਹੇ ਲੋਕ ਹਨ? ਸੰਪਰਦਾਇਕਤਾ ਵਿੱਚ ਫਸ ਕੇ, ਇਹ ਕਈ ਤਰ੍ਹਾਂ ਦੀਆਂ ਦਲੀਲਾਂ ਪੇਸ਼ ਕਰਦੇ ਹਨ ਅਤੇ ਸੱਚ ਅਤੇ ਝੂਠ ਦੋਵਾਂ ਦਾ ਐਲਾਨ ਕਰਦੇ ਹਨ। ਹਾਏ! ਦੁਨੀਆਂ ਵਿੱਚ ਸਿਰਫ਼ ਇੱਕ ਹੀ ਸੱਚ ਹੈ, ਕਈ ਨਹੀਂ। -ਗੌਤਮ ਬੁੱਧ

Title code : CHAMUL00914 | E-mail : Info@paigamejagat.com | ਸ਼ਨੀਚਰਵਾਰ, 9 ਮਈ 2026, ਸਾਲ-3, ਅੰਕ-136, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਪੰਜਾਬ ਵਿੱਚ ਐਲਪੀਜੀ ਸੰਕਟ

1.18 ਲੱਖ ਬੁਕਿੰਗਾਂ ਬਕਾਇਆ

- ਖਪਤਕਾਰਾਂ ਨੂੰ ਕਰਨਾ ਪੈ ਰਿਹੈ 30 ਦਿਨਾਂ ਦਾ ਇੰਤਜ਼ਾਰ
- ਸਪਲਾਈ ਦੀ ਭਾਰੀ ਕਿੱਲਤ; ਲੋਕਾਂ ਵਿੱਚ ਰੋਸ

ਫਰੀਦਕੋਟ, 8 ਮਈ (ਪੈਗਾਮ-ਏ-ਜਗਤ)

ਪੰਜਾਬ ਭਰ ਵਿੱਚ ਇੰਡੇਨ ਗੈਸ ਖਪਤਕਾਰਾਂ ਨੂੰ ਰਸੋਈ ਗੈਸ ਦੀ ਸਪਲਾਈ ਦੇ ਗੰਭੀਰ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੂਬੇ ਵਿੱਚ ਰੀਫਿਲ ਬੁਕਿੰਗਾਂ ਦਾ 1,18,825 ਦਾ ਵੱਡਾ ਬੈਕਲੌਗ (ਬਕਾਇਆ) ਹੋਣ ਕਾਰਨ ਹਜ਼ਾਰਾਂ ਪਰਿਵਾਰਾਂ ਨੂੰ ਸਿਲੰਡਰ ਦੀ ਡਿਲਿਵਰੀ ਲਈ 10 ਤੋਂ 30 ਦਿਨਾਂ ਤੱਕ ਦਾ ਇੰਤਜ਼ਾਰ ਕਰਨਾ ਪੈ ਰਿਹਾ ਹੈ। ਇਹ ਸਮੱਸਿਆ ਪੰਜਾਬ ਦੇ ਛੇ ਐਲ.ਪੀ.ਜੀ. ਸੋਲਜ਼ ਏਰੀਆ ਵਿੱਚ ਫੈਲੀ ਹੋਈ ਹੈ। ਡਿਲਿਵਰੀ ਵਿੱਚ ਹੋ ਰਹੀ ਇਸ ਦੇਰੀ ਕਾਰਨ ਖਪਤਕਾਰਾਂ ਵਿੱਚ ਭਾਰੀ ਰੋਸ ਹੈ ਅਤੇ ਸਥਾਨਕ ਗੈਸ ਏਜੰਸੀਆਂ ਤੋਂ ਪ੍ਰਦਰਸ਼ਨ ਹੋ ਰਹੇ ਹਨ। ਦੂਜੇ ਪਾਸੇ, ਡਿਸਟ੍ਰੀਬਿਊਟਰਾਂ ਦਾ ਕਹਿਣਾ ਹੈ ਕਿ ਬੋਟਲਿੰਗ ਪਲਾਂਟਾਂ ਤੋਂ ਸਪਲਾਈ ਨਿਯਮਤ ਨਹੀਂ ਹੈ ਜਿਸ ਕਾਰਨ ਗਾਹਕਾਂ ਦੇ ਦਬਾਅ ਅਤੇ ਬਹਿਸਬਾਜ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਸਰਕਾਰੀ ਅੰਕੜਿਆਂ ਅਨੁਸਾਰ ਸ਼ੁੱਕਰਵਾਰ ਨੂੰ ਛੇ ਸੋਲਜ਼ ਖੇਤਰਾਂ ਵਿੱਚ ਕੁੱਲ 4,04,539 ਬੁਕਿੰਗਾਂ ਦਰਜ ਕੀਤੀਆਂ ਗਈਆਂ ਸਨ, ਜਿਨ੍ਹਾਂ ਵਿੱਚੋਂ 1,18,825 ਬੁਕਿੰਗਾਂ 10 ਤੋਂ 30 ਦਿਨਾਂ ਤੋਂ ਲਟਕ ਰਹੀਆਂ ਹਨ। ਸਭ ਤੋਂ ਮਾੜੀ ਹਾਲਤ ਪਟਿਆਲਾ ਖੇਤਰ ਦੀ ਹੈ ਜਿਥੇ 17,898 ਬੁਕਿੰਗਾਂ ਵਿੱਚ ਦੇਰੀ ਹੋ ਰਹੀ ਹੈ। (ਬਾਕੀ ਸਫ਼ਾ 2 'ਤੇ)

ਸ਼ੁਕਰਾਨਾ ਯਾਤਰਾ' ਦੌਰਾਨ ਭਾਜਪਾ ਤੇ ਵਰੇ ਮੁੱਖ ਮੰਤਰੀ ਮਾਨ

'ਦੇਸ਼ ਭਗਤੀ ਦੇ ਸਰਟੀਫਿਕੇਟ ਵੰਡਣ ਤੋਂ ਪਹਿਲਾਂ ਆਪਣਾ ਇਤਿਹਾਸ ਦੇਖੋ'

ਬਠਿੰਡਾ, 8 ਮਈ (ਪੈਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਠਿੰਡਾ ਵਿੱਚ ਆਪਣੀ 'ਸ਼ੁਕਰਾਨਾ ਯਾਤਰਾ' ਦੌਰਾਨ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਆਰ.ਐਸ.ਐਸ. 'ਤੇ ਤਿੱਖੇ ਸ਼ਬਦੀ ਹਮਲੇ ਕੀਤੇ। ਮਾਨ ਨੇ ਭਾਜਪਾ 'ਤੇ ਪੰਜਾਬ ਦੀ ਅਮਨ-ਸ਼ਾਂਤੀ ਭੰਗ ਕਰਨ ਅਤੇ ਲੋਕਾਂ ਨੂੰ ਵਿਰਲੂ ਲੀਹਾਂ 'ਤੇ ਵੰਡਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਪੰਜਾਬ ਦੀ ਧਰਤੀ ਇੰਨੀ ਉਪਜਾਊ ਹੈ ਕਿ ਇਥੇ ਹਰ ਝਮਲ ਉੱਗ ਸਕਦੀ ਹੈ, ਪਰ ਨਫ਼ਰਤ ਦਾ ਬੀਜ ਇੱਥੇ ਕਦੇ ਨਹੀਂ ਪੁੰਗਰ ਸਕਦਾ।

ਪੰਛੀ ਬੈਗਲ ਦੀ ਹਿੰਸਾ ਦਾ ਹਵਾਲਾ ਦੇਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੀ ਕਾਰਜਸ਼ੈਲੀ ਲੋਕਾਂ ਨੂੰ ਆਪਸ ਵਿੱਚ ਲੜਾਉਣ ਦੀ ਹੈ। ਉਨ੍ਹਾਂ 'ਤੇ ਦੇਸ਼ ਧਰੋਹ ਦਾ ਮਾਮਲਾ

ਦਰਜ ਕਰਨ ਦੀ ਮੰਗ ਕਰਨ ਵਾਲੇ ਭਾਜਪਾ ਆਗੂਆਂ ਨੂੰ ਜਵਾਬ ਦਿੰਦਿਆਂ ਮਾਨ ਨੇ ਕਿਹਾ, "ਸੁਨੀਲ ਜਾਖੜ ਸਾਹਿਬ, ਤੁਸੀਂ ਤਜਰਬੇਕਾਰ ਹੋ, ਪਰ ਕੀ ਹੁਣ ਉਹ ਸਾਨੂੰ ਦੇਸ਼ ਭਗਤੀ ਦੇ ਸਰਟੀਫਿਕੇਟ ਵੰਡਣਗੇ ਜਿਨ੍ਹਾਂ ਨੇ 52 ਸਾਲ ਆਪਣੇ ਨਾਗਪੁਰ ਵਾਲੇ ਹੈੱਡਕੁਆਰਟਰ 'ਤੇ ਤਿਰੰਗਾ ਨਹੀਂ ਲਹਿਰਾਇਆ?

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ 1947 ਦੀ ਵੰਡ ਵੇਲੇ ਭਾਜਪਾ ਆਗੂਆਂ ਦਾ ਕੋਈ ਰਿਸ਼ਤੇਦਾਰ ਮਰਿਆ ਸੀ? ਉਨ੍ਹਾਂ ਕਿਹਾ ਕਿ ਉਸ ਵੇਲੇ ਮਰਨ ਵਾਲੇ 10 ਲੱਖ ਲੋਕ ਪੰਜਾਬੀਆਂ ਦੇ ਸਾਕ-ਸੰਬੰਧੀ ਸਨ, ਇਸ ਲਈ ਸਾਨੂੰ ਆਜ਼ਾਦੀ ਦੀ ਕੀਮਤ ਦਾ ਪਤਾ ਹੈ। ਉਨ੍ਹਾਂ ਕਿਹਾ ਕਿ ਵੰਡ ਪਾਊ ਸਿਆਸਤ ਹੋਰਨਾਂ ਸੂਬਿਆਂ ਵਿੱਚ ਚੱਲ ਸਕਦੀ ਹੈ, ਪਰ ਪੰਜਾਬ ਵਿੱਚ ਸਭ ਭਾਈਚਾਰੇ ਗੁਰਪੁਰਬ, ਰਾਮ ਨੌਮੀ ਅਤੇ ਹਨੂਮਾਨ ਜਯੰਤੀ ਰਲ ਕੇ ਮਨਾਉਂਦੇ ਹਨ।

ਮੁੱਖ ਮੰਤਰੀ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਆਪਣੀ ਮਸ਼ਹੂਰ 'ਕਿਕਲੀ' ਰਾਹੀਂ ਬਾਦਲ ਪਰਿਵਾਰ 'ਤੇ ਵਿਅੰਗ ਕੀਤੇ ਅਤੇ ਕਾਂਗਰਸ ਦੀ ਵੀ ਨਿਖੇਧੀ ਕੀਤੀ। ਇਹ ਯਾਤਰਾ 'ਜਾਗਰ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ (ਬਾਕੀ ਸਫ਼ਾ 2 'ਤੇ)

ਗੌਰਵ ਧੀਰ ਨਾਲ ਕੋਈ ਬਿਜ਼ਨਸ ਡੀਲ ਨਹੀਂ : ਅਮਨ ਅਰੋੜਾ

- ਗੌਰਵ ਧੀਰ ਨਾਲ ਹਮੇਸ਼ਾ ਦੋਸਤੀ ਰਹੀ ਹੈ ਅਤੇ ਭਵਿੱਖ 'ਚ ਵੀ ਦੋਸਤਾਨਾ ਰਿਸ਼ਤਾ ਰਹੇਗਾ

ਚੰਡੀਗੜ੍ਹ, 8 ਮਈ (ਪੈਗਾਮ-ਏ-ਜਗਤ)

ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਨੇ ਅੱਜ ਈ ਡੀ ਨੂੰ ਚੁਣੌਤੀ ਦਿੰਦਿਆਂ ਸਪਸ਼ਟ ਕੀਤਾ ਹੈ ਕਿ ਉਨ੍ਹਾਂ ਦਾ ਮੈਸਰਜ਼ ਧੀਰ ਕੰਸਟਰੱਕਸ਼ਨ ਦੇ ਮਾਲਕ ਗੌਰਵ ਧੀਰ ਨਾਲ ਕੋਈ ਬਿਜ਼ਨਸ ਸਬੰਧ ਨਹੀਂ ਅਤੇ ਗੌਰਵ ਧੀਰ ਨਾਲ ਸਿਰਫ਼ ਦੋਸਤਾਨਾ ਰਿਸ਼ਤਾ ਹੈ। ਚੇਤੇ ਰਹੇ ਕਿ ਐਨਫੋਰਸਮੇਂਟ ਡਾਇਰੈਕਟਰੇਟ ਤਰਫ਼ੋਂ ਲੰਘੇ ਕੱਲ੍ਹ ਜਾਰੀ ਬਿਆਨ 'ਚ ਇਹ ਕਹਿਣਾ ਕਿ ਭਾਜਪਾ ਤਰਫ਼ੋਂ ਉਸ ਨੂੰ ਸਿਰਫ਼ ਬਦਨਾਮ ਕਰਨ ਵਾਸਤੇ ਟਾਰਗੇਟ ਕੀਤਾ ਜਾ ਰਿਹਾ ਹੈ ਪੂਰੂ ਤਰ੍ਹਾਂ ਝੂਠਾ ਹੈ। ਉਨ੍ਹਾਂ ਈ ਡੀ ਨੂੰ ਚੁਣੌਤੀ ਦਿੱਤੀ ਕਿ (ਬਾਕੀ ਸਫ਼ਾ 2 'ਤੇ)

ਜੀਐਸਟੀ ਘੁਟਾਲਾ: ਕਰੋੜਾਂ ਦੇ ਫਰਜ਼ੀ ਬਿਲਿੰਗ ਕਰਨ ਵਾਲੀ ਲੁਧਿਆਣਾ ਫਰਮ ਦਾ ਡਾਇਰੈਕਟਰ ਕਾਬੂ

- ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਵੱਡੇ ਰੇਕੇਟ ਦਾ ਖੁਲਾਸਾ; 15.56 ਕਰੋੜ ਦੇ ਟੈਕਸ ਚੋਰੀ ਦਾ ਮਾਮਲਾ ਆਇਆ ਸਾਹਮਣੇ

ਚੰਡੀਗੜ੍ਹ, 8 ਮਈ (ਪੈਗਾਮ-ਏ-ਜਗਤ)

ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸਟੇਟ ਇੰਟੇਲੀਜੇਂਸ ਐਂਡ ਪ੍ਰੀਵੇਂਟਿਵ ਯੂਨਿਟ ਦੁਆਰਾ ਹਾਸਿਲ ਕੀਤੀ ਗਈ ਇੱਕ ਵੱਡੀ ਸਫਲਤਾ ਦੇ ਵੇਰਵਿਆਂ ਦਾ ਖੁਲਾਸਾ ਕਰਦਿਆਂ ਕਿਹਾ, " ਕਰ ਵਿਭਾਗ ਨੇ ਇੱਕ ਬਹੁਤ ਹੀ ਸੰਗਠਿਤ ਫਰਜ਼ੀ ਬਿਲਿੰਗ ਨੈਟਵਰਕ ਨੂੰ ਸਫਲਤਾਪੂਰਵਕ ਤਬਾਹ ਕਰਦਿਆਂ ਮੋਸਰਜ਼ ਏਪੀਮਾਈਟ ਪਲਾਸਟਿਕ ਰੀਸਾਈਕਲਰਜ਼ ਪ੍ਰਾਈਵੇਟ ਲਿਮਟਿਡ, ਲੁਧਿਆਣਾ ਦੇ ਡਾਇਰੈਕਟਰ ਅਤੇ ਅਧਿਕਾਰਤ ਹਸਤਾਖਰਕਰਤਾ ਪਰਮਜੀਤ ਸਿੰਘ ਨੂੰ 85.4 ਕਰੋੜ ਰੁਪਏ ਦੇ ਜਾਅਲੀ ਲੈਣ-ਦੇਣ 'ਤੇ ਗਲਤ ਤਰੀਕੇ ਨਾਲ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ ਦਾ ਲਾਭ ਲੈਣ ਅਤੇ 15.56 ਕਰੋੜ ਰੁਪਏ ਦਾ ਵੱਡਾ ਜੀ.ਐਸ.ਟੀ. ਘੁਟਾਲਾ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ।

ਵਿੱਤ ਮੰਤਰੀ ਨੇ ਕਿਹਾ, " ਦੋਸ਼ੀ ਫਰਮ ਯੋਜਨਾਬੱਧ ਅਤੇ ਸੰਗਠਿਤ ਤਰੀਕੇ ਨਾਲ ਫਰਜ਼ੀ ਬਿਲਿੰਗ ਕਰਨ ਵਾਲੀ ਲੁਧਿਆਣਾ ਫਰਮ ਦਾ ਡਾਇਰੈਕਟਰ ਕਾਬੂ ਸਾਹਮਣੇ ਆਈ ਕੁੱਲ ਧੋਖਾਧੜੀ 15.56 ਕਰੋੜ ਰੁਪਏ ਦੀ ਹੈ, ਅਤੇ ਇਹ ਅੰਕੜਾ ਹੋਰ ਵਧਣ ਦੀ ਸੰਭਾਵਨਾ ਹੈ।

ਕਰ ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਈ-ਵੇਅ ਬਿੱਲਾਂ ਅਤੇ ਫਾਸਟੈਗ ਟੋਲ ਡੇਟਾ ਦੇ ਕੀਤੇ ਗਏ ਵਿਸਤ੍ਰਿਤ ਵਿਸ਼ਲੇਸ਼ਣ ਨੇ ਨਿਰਣਾਇਕ ਤੌਰ 'ਤੇ ਇਹ ਸਾਬਤ ਕਰ ਦਿੱਤਾ ਕਿ ਟਰਾਂਸਪੋਰਟ ਦਸਤਾਵੇਜ਼ਾਂ ਵਿੱਚ ਦਰਸਾਏ ਗਏ ਵਾਹਨ ਮਾਲ ਦੀ ਘੋਸ਼ਿਤ ਆਵਾਜਾਈ ਨਾਲ ਬਿਲਕੁਲ ਮੇਲ ਨਾ ਖਾਣ ਵਾਲੇ ਸਬਾਨਾਂ 'ਤੇ ਪਾਏ ਗਏ ਸਨ, ਜੋ ਇਹ ਸਾਬਤ ਕਰਦਾ ਹੈ ਕਿ ਅਸਲ ਵਿੱਚ ਕੋਈ ਢੋਆ-ਢੁਆਈ ਨਹੀਂ ਹੋਈ ਸੀ। ਸਾਡੀ ਜਾਂਚ ਵਿੱਚ ਅਜਿਹੀਆਂ 407 ਬਹੁਤ ਹੀ ਸ਼ੱਕੀ ਵਾਹਨਾਂ (ਬਾਕੀ ਸਫ਼ਾ 2 'ਤੇ)

ਪੀਐਸਈਬੀ ਵੱਲੋਂ 10ਵੀਂ ਤੇ 12ਵੀਂ ਦੇ ਨਤੀਜਿਆਂ ਦੀਆਂ ਤਰੀਕਾਂ ਦਾ ਐਲਾਨ

- 10ਵੀਂ ਦਾ ਨਤੀਜਾ 11 ਮਈ ਅਤੇ 12ਵੀਂ ਦਾ 13 ਮਈ ਨੂੰ ਆਵੇਗਾ; ਬੋਰਡ ਨੇ ਮੁਕੰਮਲ ਕੀਤੀਆਂ ਤਿਆਰੀਆਂ

ਐੱਸ.ਏ.ਐੱਸ. ਨਗਰ (ਮੁਹਾਲੀ), 8 ਮਈ (ਪੈਗਾਮ-ਏ-ਜਗਤ)

ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐੱਸ.ਈ.ਬੀ.) ਵੱਲੋਂ ਮਾਰਚ 2026 ਵਿੱਚ ਲਈਆਂ ਗਈਆਂ 10ਵੀਂ ਅਤੇ 12ਵੀਂ ਸ਼੍ਰੇਣੀ ਦੀਆਂ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਐਲਾਨਣ ਦੀ ਉਡੀਕ ਖ਼ਤਮ ਹੋਣ ਵਾਲੀ ਹੈ। ਬੋਰਡ ਪ੍ਰਸ਼ਾਸਨ ਨੇ ਅੱਜ ਅਧਿਕਾਰਤ ਤੌਰ 'ਤੇ ਨਤੀਜਿਆਂ ਦੀਆਂ ਤਰੀਕਾਂ ਸਪੱਸ਼ਟ ਕਰ ਦਿੱਤੀਆਂ ਹਨ।

ਬੋਰਡ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ 10ਵੀਂ ਸ਼੍ਰੇਣੀ ਦਾ ਨਤੀਜਾ 11 ਮਈ ਨੂੰ ਐਲਾਨਿਆ ਜਾਵੇਗਾ, ਜਦੋਂ ਕਿ 12ਵੀਂ ਸ਼੍ਰੇਣੀ ਦਾ ਨਤੀਜਾ 13 ਮਈ ਨੂੰ ਜਾਰੀ ਹੋਵੇਗਾ। ਸਿੱਖਿਆ ਬੋਰਡ ਦੇ ਅਧਿਕਾਰੀਆਂ ਨੇ ਦੱਸਿਆ ਕਿ ਪ੍ਰੀਖਿਆਵਾਂ ਦੇ ਮੁਲਾਂਕਣ ਦਾ ਕੰਮ ਪਹਿਲਾਂ ਹੀ ਮੁਕੰਮਲ ਕਰ ਲਿਆ ਗਿਆ ਸੀ ਅਤੇ ਹੁਣ ਅੰਤਿਮ ਨਤੀਜੇ ਨੂੰ ਡਿਜੀਟਲ ਰੂਪ ਵਿੱਚ ਤਿਆਰ ਕਰ ਲਿਆ ਗਿਆ ਹੈ।

ਦੱਸਣਯੋਗ ਹੈ ਕਿ ਲੱਖਾਂ ਵਿਦਿਆਰਥੀ ਇਨ੍ਹਾਂ ਨਤੀਜਿਆਂ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ। (ਬਾਕੀ ਸਫ਼ਾ 2 'ਤੇ)

ਸੁਵੇਂਦੂ ਅਧਿਕਾਰੀ ਹੋਣਗੇ ਪੱਛਮੀ ਬੰਗਾਲ ਦੇ ਨਵੇਂ ਮੁੱਖ ਮੰਤਰੀ

- ਸੁਵੇਂਦੂ ਅਧਿਕਾਰੀ ਵਿਧਾਇਕ ਦਲ ਦੇ ਨੇਤਾ ਚੁਣੇ ਗਏ
- ਅਮਿਤ ਸ਼ਾਹ ਨੇ ਦਿੱਤੀ ਵਧਾਈ

ਕੋਲਕਾਤਾ, 8 ਮਈ (ਪੈਗਾਮ-ਏ-ਜਗਤ)

ਸੁਵੇਂਦੂ ਅਧਿਕਾਰੀ ਪੱਛਮੀ ਬੰਗਾਲ ਦੇ ਨਵੇਂ ਮੁੱਖ ਮੰਤਰੀ ਹੋਣਗੇ। ਕੋਲਕਾਤਾ ਦੇ ਕਨਵੈਨਸ਼ਨ ਸੈਂਟਰ ਵਿੱਚ ਵਿਧਾਇਕ ਦਲ ਦੀ ਬੈਠਕ ਵਿੱਚ ਉਨ੍ਹਾਂ ਨੂੰ ਨੇਤਾ ਚੁਣਿਆ ਗਿਆ ਹੈ। ਬੈਠਕ ਦੀ ਸਮਾਪਤੀ ਤੋਂ ਬਾਅਦ ਅਮਿਤ ਸ਼ਾਹ ਨੇ ਖੁਦ ਉਨ੍ਹਾਂ ਦੇ ਨਾਮ ਦਾ ਐਲਾਨ ਕੀਤਾ ਅਤੇ ਮੰਚ ਉੱਤੇ ਸੁਵੇਂਦੂ ਅਧਿਕਾਰੀ ਨੂੰ ਮਾਲਾ ਪਹਿਨਾ ਕੇ ਅਤੇ ਗਲੇ ਲਗਾ ਕੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਸੁਵੇਂਦੂ ਅਧਿਕਾਰੀ ਜ਼ਲਕਾ ਸਵੇਰੇ 10 ਵਜੇ ਕੋਲਕਾਤਾ ਦੇ ਬ੍ਰਿਗੇਡ ਪਰੇਡ ਗਰਾਊਂਡ ਵਿੱਚ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਇਸ ਸਹੁੰ ਚੁੱਕ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਸਮੇਤ ਐਨ.ਡੀ.ਏ. ਦੇ ਕਈ ਵੱਡੇ ਆਗੂ ਸ਼ਾਮਲ ਹੋਣਗੇ। 56 ਸਾਲ ਦੇ ਸੁਵੇਂਦੂ ਅਧਿਕਾਰੀ ਨੇ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਭਵਾਨੀਪੁਰ ਸੀਟ ਤੋਂ ਹਰਾਇਆ ਹੈ ਅਤੇ ਉਹ ਨੰਦੀਗ੍ਰਾਮ ਤੋਂ ਵੀ ਲਗਾਤਾਰ ਦੂਜੀ ਵਾਰ ਚੋਣ ਜਿੱਤਣ ਵਿੱਚ ਕਾਮਯਾਬ ਰਹੇ ਹਨ।

ਦੱਸ ਦਈਏ ਕਿ ਸਾਲ 2021 ਵਿੱਚ ਵੀ ਉਨ੍ਹਾਂ ਨੇ ਮਮਤਾ ਬੈਨਰਜੀ ਨੂੰ ਹਰਾਇਆ ਸੀ ਅਤੇ ਇਸ ਵਾਰ ਭਾਜਪਾ ਨੇ ਵਿਧਾਨ ਸਭਾ ਚੋਣਾਂ ਵਿੱਚ 207 ਸੀਟਾਂ 'ਤੇ ਵੱਡੀ ਜਿੱਤ ਦਰਜ ਕੀਤੀ ਹੈ।

ਪਾਰਟੀ ਦੇ ਸੂਤਰਾਂ ਅਨੁਸਾਰ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਬੰਗਾਲ ਵਿੱਚ ਵਧੀ ਸਿਆਸੀ ਸਰਗਰਮੀ ਦੌਰਾਨ ਭਾਜਪਾ ਵਿਧਾਇਕਾਂ ਦੀ ਮੀਟਿੰਗ ਵਿੱਚ ਇਹ ਅਹਿਮ ਫੈਸਲਾ ਲਿਆ ਗਿਆ। ਸੁਵੇਂਦੂ ਅਧਿਕਾਰੀ, (ਬਾਕੀ ਸਫ਼ਾ 2 'ਤੇ)

ਸ਼ੇਅਰ ਬਾਜ਼ਾਰ 'ਚ ਭੂਚਾਲ: ਸੈਂਸੈਕਸ 531 ਅੰਕ ਟੁੱਟਿਆ

ਬੈਂਕਾਂ ਦੇ ਸ਼ੇਅਰਾਂ 'ਚ ਭਾਰੀ ਗਿਰਾਵਟ

ਮੁੰਬਈ, 8 ਮਈ ()

ਭਾਰਤੀ ਸ਼ੇਅਰ ਬਾਜ਼ਾਰ ਲਈ 8 ਮਈ ਦਾ ਦਿਨ ਨਿਰਾਸ਼ਾਜਨਕ ਰਿਹਾ। ਪੱਛਮੀ ਏਸ਼ੀਆ ਵਿੱਚ ਵਧਦੇ ਤਣਾਅ ਅਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਮਜ਼ਬੂਤੀ ਕਾਰਨ ਬਾਜ਼ਾਰ ਵਿੱਚ ਭਾਰੀ ਦਬਾਅ ਦੇਖਣ ਨੂੰ ਮਿਲਿਆ। ਕਾਰੋਬਾਰ ਦੇ ਅੰਤ 'ਤੇ ਸੈਂਸੈਕਸ 516.33 ਅੰਕ ਡਾਵ 0.66% ਡਿੱਗ ਕੇ 77,328.19 ਦੇ ਪੱਧਰ 'ਤੇ ਬੰਦ ਹੋਇਆ ਹੈ। ਸੈਂਸੈਕਸ ਦੇ 12 ਸਟਾਕ ਵਾਧੇ ਨਾਲ ਅਤੇ 18 ਸਟਾਕ ਗਿਰਾਵਟ ਨਾਲ ਕਾਰੋਬਾਰ ਕਰਦੇ ਦੇਖੇ ਜਾ ਰਹੇ ਹਨ।

ਦੂਜੇ ਪਾਸੇ ਨੈਸ਼ਨਲ ਸਟਾਕ ਐਕਸਚੇਂਜ ਦਾ ਨਿਫਟੀ 150.50 ਅੰਕ ਡਾਵ 0.62% ਦੀ ਗਿਰਾਵਟ ਨਾਲ 24,176.15 ਦੇ ਪੱਧਰ 'ਤੇ ਬੰਦ ਹੋਇਆ ਹੈ। ਕਾਰੋਬਾਰ ਵਿੱਚ ਸਰਕਾਰੀ ਬੈਂਕਾਂ ਦੇ ਸ਼ੇਅਰਾਂ ਵਿੱਚ ਸਭ ਤੋਂ ਜ਼ਿਆਦਾ ਵਿਕਵਾਲੀ ਦੇਖੀ ਗਈ। ਨਿਫਟੀ ਪੀਐਸਯੂ ਬੈਂਕ ਇੰਡੈਕਸ 3% ਤੰਕ ਡਿੱਗ ਗਿਆ। ਦੇਸ਼ ਦੇ ਸਭ ਤੋਂ ਵੱਡੇ ਬੈਂਕ SBI ਦੇ ਸ਼ੇਅਰ ਵਿੱਚ 5-6% ਦੀ ਗਿਰਾਵਟ ਦਰਜ ਕੀਤੀ ਗਈ, ਹਾਲਾਂਕਿ ਬੈਂਕ ਦਾ ਚੌਥੀ ਤਿਮਾਹੀ ਦਾ ਸ਼ੁੱਧ ਮੁਨਾਫਾ 6% ਵਧ ਕੇ 19,684 ਕਰੋੜ ਰੁਪਏ ਰਿਹਾ ਹੈ। ਨਿਫਟੀ 'ਤੇ SBI, ਕੋਲ ਇੰਡੀਆ, 8463 ਬੈਂਕ, ਬਜਾਜ ਫਾਈਨੇਂਸ ਅਤੇ ਐਕਸਿਸ ਬੈਂਕ ਸਭ ਤੋਂ ਵੱਧ ਨੁਕਸਾਨ ਵਿੱਚ ਰਹਿਣ ਵਾਲੇ ਸ਼ੇਅਰ ਸਨ। ਬ੍ਰਿਟਾਨੀਆ ਦੇ ਸ਼ੇਅਰਾਂ ਵਿੱਚ ਵੀ 4.5% ਦੀ ਗਿਰਾਵਟ ਦੇਖੀ ਗਈ, ਕਿਉਂਕਿ ਕੰਪਨੀ ਨੇ ਮਾਲ ਢੋਆ-ਢੁਆਈ ਦੇ ਖਰਚੇ ਵਧਣ ਕਾਰਨ ਕੀਮਤਾਂ ਵਧਾਉਣ ਦੀ ਚੇਤਾਵਨੀ ਦਿੱਤੀ ਹੈ।

ਮਨੀਲਾ ਵਿੱਚ ਪੰਜਾਬੀ ਨੌਜਵਾਨ ਦੀ ਗੋਲੀਆਂ ਮਾਰ ਕੇ ਹੱਤਿਆ

- ਬਾਜ਼ਾਰ ਵਿਚ ਕੀਤਾ ਹਮਲਾ; ਦੋਲਤਪੁਰ ਦਾ ਨੌਜਵਾਨ ਪਰਿਵਾਰ ਦੀ ਆਰਥਿਕ ਹਾਲਤ ਸੁਧਾਰਨ ਲਈ ਗਿਆ ਸੀ ਮਨੀਲਾ

ਮੱਲਾਂਵਾਲਾ, 8 ਮਈ (ਪੈਗਾਮ-ਏ-ਜਗਤ)

ਮਨੀਲਾ 'ਚ ਰੁਜ਼ਗਾਰ ਲਈ ਗਏ ਪੰਜਾਬੀ ਨੌਜਵਾਨ ਦੀ ਅੱਜ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੇ ਜਾਣ ਦੀ ਖਬਰ ਸਾਹਮਣ

ਨਵੀਂ ਬਣਾਈ ਗਈ ਬਨੂੜ ਸਬ-ਡਿਵੀਜ਼ਨ ਦੀ ਪਹਿਲੀ ਐਸ.ਡੀ.ਐਮ. ਵਜੋਂ ਡਾ. ਅੰਕਿਤਾ ਕਾਂਸਲ ਨੇ ਸੰਭਾਲਿਆ ਅਹੁਦਾ

ਬਨੂੜ/ਐਸ.ਏ.ਐਸ. ਨਗਰ, 8 ਮਈ
(ਪੈਗਾਮ-ਏ-ਜਗਤ)

2024 ਬੈਚ ਦੀ ਪੀ.ਸੀ.ਐਸ. ਅਧਿਕਾਰੀ ਡਾ. ਅੰਕਿਤਾ ਕਾਂਸਲ ਨੇ ਨਵੀਂ ਬਣਾਈ ਗਈ ਬਨੂੜ ਸਬ-ਡਿਵੀਜ਼ਨ ਦੀ ਪਹਿਲੀ ਸਬ ਡਿਵੀਜ਼ਨਲ ਮੈਜਿਸਟ੍ਰੇਟ (ਐਸ.ਡੀ.ਐਮ.) ਵਜੋਂ ਅੱਜ ਅਹੁਦਾ ਸੰਭਾਲ ਲਿਆ। ਉਹ ਇਸਦੇ ਨਾਲ ਹੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ. ਨਗਰ ਵਿਖੇ ਸਹਾਇਕ ਕਮਿਸ਼ਨਰ (ਜਨਰਲ) ਵਜੋਂ ਵੀ ਆਪਣੀਆਂ ਸੇਵਾਵਾਂ ਜਾਰੀ ਰੱਖਣਗੇ।

ਪੰਜਾਬ ਸਿਵਲ ਸੇਵਾਵਾਂ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਡਾ. ਕਾਂਸਲ ਨੇ ਸਾਲ 2012 ਤੋਂ ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਵਿੱਚ ਸੇਵਾ ਨਿਭਾਈ ਅਤੇ ਬਾਅਦ ਵਿੱਚ ਸਹਾਇਕ ਐਕਸਾਈਜ਼ ਅਤੇ ਟੈਕਸੇਸ਼ਨ ਕਮਿਸ਼ਨਰ ਵਜੋਂ ਤਰੱਕੀ ਪ੍ਰਾਪਤ ਕੀਤੀ। ਉਨ੍ਹਾਂ ਨੇ ਸਾਲ 2009 ਵਿੱਚ ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਤੋਂ ਐਮ.ਬੀ.ਬੀ.ਐਸ. ਦੀ ਡਿਗਰੀ ਹਾਸਲ ਕੀਤੀ। ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਡਾ. ਅੰਕਿਤਾ ਕਾਂਸਲ ਨੇ ਕਿਹਾ ਕਿ ਬਨੂੜ ਦੀ ਪਹਿਲੀ ਐਸ.ਡੀ.ਐਮ. ਬਣਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਵਚਨਬੱਧਤਾ ਅਨੁਸਾਰ ਇਲਾਕੇ ਦੇ ਲੋਕਾਂ ਨੂੰ ਸੁਵਿਧਾਵਾਂ ਪ੍ਰਦਾਨ ਕਰਨ ਲਈ ਲੋੜੀਂਦੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨ ਨੂੰ ਯਕੀਨੀ ਬਣਾਉਣਾ ਉਨ੍ਹਾਂ ਦੀ ਪਹਿਲ ਹੋਵੇਗੀ।

ਰਾਜਪੁਰਾ ਦੀ ਵਾਇਆ ਸ੍ਰੀਮਤੀ ਨੀਨਾ ਮਿੱਤਲ, ਜਿਨ੍ਹਾਂ ਨੇ ਬਨੂੜ ਨੂੰ ਸਬ-ਤਹਿਸੀਲ ਤੋਂ ਸਬ-ਡਿਵੀਜ਼ਨ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ, ਨੇ ਡਾ. ਕਾਂਸਲ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ। ਵਿਧਾਇਕਾ ਨੇ ਉਮੀਦ ਜਤਾਈ ਕਿ ਇਹ ਨੌਜਵਾਨ ਅਧਿਕਾਰੀ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਲੋਕ ਹਿੱਤ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਨੇ ਡਾ. ਅੰਕਿਤਾ ਕਾਂਸਲ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਬਨੂੜ ਸਬ-ਡਿਵੀਜ਼ਨ ਦੇ ਗਠਨ ਨਾਲ ਪ੍ਰਸ਼ਾਸਨਿਕ ਢਾਂਚਾ ਹੋਰ ਮਜ਼ਬੂਤ ਹੋਵੇਗਾ ਅਤੇ ਇਲਾਕੇ ਦੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਸਮੇਂ ਸਿਰ ਮੁਹੱਈਆ ਕਰਵਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਭਰੋਸਾ ਜਤਾਇਆ ਕਿ ਡਾ. ਕਾਂਸਲ ਲੋਕ ਭਲਾਈ ਪ੍ਰਤੀ ਸੰਵੇਦਨਸ਼ੀਲਤਾ ਅਤੇ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।

ਫੇਜ਼-5 ਮਾਰਕੀਟ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵੱਲੋਂ ਮੀਟਿੰਗ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
8 ਮਈ (ਪੈਗਾਮ-ਏ-ਜਗਤ)

ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵੱਲੋਂ ਫੇਜ਼-5 ਮਾਰਕੀਟ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੁੱਦਿਆਂ ਨੂੰ ਜਾਣਨ ਲਈ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੀ ਅਗਵਾਈ ਕਰਦਿਆਂ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੇਨ ਰਣਜੀਤ ਧਾਲ ਸਿੰਘ ਨੇ ਕਿਹਾ ਕਿ ਦੁਕਾਨਦਾਰਾਂ ਅਤੇ ਵਪਾਰੀਆਂ ਵੱਲੋਂ ਉਠਾਏ ਗਏ ਸਾਰੇ ਮੁੱਦਿਆਂ ਦਾ ਨਿਪਟਾਰਾ 30 ਦਿਨਾਂ ਦੇ ਅੰਦਰ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਮਕਸਦ ਸਥਾਨਕ ਪੱਧਰ 'ਤੇ ਵਪਾਰੀਆਂ ਨੂੰ ਆ ਰਹੀਆਂ ਦਿੱਕਤਾਂ ਦਾ ਹੱਲ ਕਰਕੇ ਵਪਾਰ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਪਾਰਕਿੰਗ ਲਾਈਨਾਂ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਮੋਬੂਦਾ ਟਰਾਂਸਫਾਰਮਰਾਂ ਦੀ ਸਮਰੱਥਾ ਵਧਾਉਣ ਨਾਲ ਸੰਬੰਧਤ ਸਮੱਸਿਆਵਾਂ ਨੂੰ ਵੱਖ-ਵੱਖ ਵਿਭਾਗਾਂ ਵੱਲੋਂ ਨੋਟ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਵਿਭਾਗਾਂ ਨੂੰ ਪਹਿਲ ਦੇ ਆਧਾਰ 'ਤੇ ਅਤੇ ਨਿਰਧਾਰਤ ਸਮੇਂ ਅੰਦਰ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਹਾਜ਼ਰ ਦੁਕਾਨਦਾਰਾਂ ਅਤੇ ਵਪਾਰੀਆਂ ਵੱਲੋਂ 21 ਫੀਡਬੈਕ ਫਾਰਮ ਜਮ੍ਹਾਂ ਕਰਵਾਏ ਗਏ, ਜਿਨ੍ਹਾਂ ਵਿੱਚ ਕਰੀਬ 40 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਫੀਡਬੈਕ ਪ੍ਰਣਾਲੀ ਇਸ ਲਈ ਸ਼ੁਰੂ ਕੀਤੀ ਗਈ ਹੈ ਤਾਂ ਜੋ ਵਪਾਰੀਆਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੁਣਿਆ ਅਤੇ ਹੱਲ ਕੀਤਾ ਜਾ ਸਕੇ।

ਮੀਟਿੰਗ ਵਿੱਚ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਪ੍ਰਭਜੋਤ ਕੌਰ, ਡੀ ਐਸ ਪੀ ਗੁਰਚਰਨ ਸਿੰਘ, ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੇਨ ਤਰਲੋਚਨ ਸਿੰਘ ਬੈਦਵਾਨ, ਵਿਧਾਨ ਸਭਾ ਹਲਕਾ ਚੇਅਰਮੇਨ ਅਕਵਿੰਦਰ ਸਿੰਘ ਗੱਸਲ, ਚੇਅਰਮੇਨ ਮਾਰਕੀਟ ਕਮੇਟੀ ਗੋਵਿੰਦਰ ਮਿੱਤਲ, ਸਹਾਇਕ ਕਮਿਸ਼ਨਰ ਐਮ.ਸੀ. ਮੋਹਾਲੀ ਮਨਪ੍ਰੀਤ ਸਿੰਘ, ਜੀ.ਐਮ.ਟੀ. ਇੰਸਪੈਕਟਰ ਗੁਰਬੇਰ ਸਿੰਘ ਅਤੇ ਮਾਰਕੀਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਸਮੇਤ ਹੋਰ ਅਧਿਕਾਰੀ ਅਤੇ ਆਗੂ ਵੀ ਮੌਜੂਦ ਸਨ।

ਨਾਮਜ਼ਦਗੀ ਪ੍ਰਕਿਰਿਆ ਦੇ ਦੂਜੇ ਦਿਨ ਊਨਾ ਜ਼ਿਲ੍ਹੇ ਵਿੱਚ ਕੁੱਲ 1,963 ਉਮੀਦਵਾਰਾਂ ਨੇ ਭਰੇ ਪਰਚੇ

ਊਨਾ, 8 ਮਈ
(ਪੈਗਾਮ-ਏ-ਜਗਤ)

ਪੰਚਾਇਤੀ ਰਾਜ ਸੰਸਥਾਵਾਂ ਦੀਆਂ ਆਮ ਚੋਣਾਂ-2026 ਤਹਿਤ ਊਨਾ ਜ਼ਿਲ੍ਹੇ ਵਿੱਚ ਨਾਮਜ਼ਦਗੀ ਪ੍ਰਕਿਰਿਆ ਦੇ ਦੂਜੇ ਦਿਨ ਕੁੱਲ 1,963 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਨ੍ਹਾਂ ਵਿੱਚੋਂ 14 ਜ਼ਿਲ੍ਹਾ ਪ੍ਰੀਸ਼ਦ, 184 ਪੰਚਾਇਤ ਸਮਿਤੀ, 521 ਪ੍ਰਧਾਨ, 382 ਉਪ-ਪ੍ਰਧਾਨ ਅਤੇ 862 ਵਾਰਡ ਮੈਂਬਰ ਦੇ ਅਹੁਦੇ ਲਈ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਭਰੇ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ (ਪੰਚਾਇਤ) ਅਤੇ ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਸਬ-ਡਵੀਜ਼ਨ ਊਨਾ ਦੇ ਅਧੀਨ 487 ਉਮੀਦਵਾਰਾਂ ਨੇ ਵੱਖ-ਵੱਖ ਅਹੁਦਿਆਂ ਲਈ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਹਨ। ਇਨ੍ਹਾਂ ਵਿੱਚੋਂ 3 ਉਮੀਦਵਾਰਾਂ ਨੇ ਜ਼ਿਲ੍ਹਾ ਪ੍ਰੀਸ਼ਦ, 35 ਉਮੀਦਵਾਰਾਂ ਨੇ ਪੰਚਾਇਤ ਸਮਿਤੀ, 247 ਉਮੀਦਵਾਰਾਂ ਨੇ ਪ੍ਰਧਾਨ ਦੇ ਅਹੁਦੇ ਲਈ, 113 ਉਮੀਦਵਾਰਾਂ ਨੇ ਉਪ-ਪ੍ਰਧਾਨ ਅਤੇ 89 ਉਮੀਦਵਾਰਾਂ ਨੇ ਵਾਰਡ ਪੰਚ ਲਈ ਨਾਮਜ਼ਦਗੀਆਂ ਭਰੀਆਂ ਹਨ।

ਇਸੇ ਤਰ੍ਹਾਂ ਗਗਰੇਟ ਵਿੱਚ 354 ਉਮੀਦਵਾਰਾਂ ਨੇ ਨਾਮਜ਼ਦਗੀਆਂ ਭਰੀਆਂ ਹਨ, ਜਿਨ੍ਹਾਂ ਵਿੱਚੋਂ 1 ਉਮੀਦਵਾਰ ਜ਼ਿਲ੍ਹਾ ਪ੍ਰੀਸ਼ਦ, 51 ਉਮੀਦਵਾਰ ਪੰਚਾਇਤ ਸਮਿਤੀ, 66 ਉਮੀਦਵਾਰ ਪ੍ਰਧਾਨ ਦੇ ਅਹੁਦੇ ਲਈ, 49 ਉਮੀਦਵਾਰ ਉਪ-ਪ੍ਰਧਾਨ ਅਤੇ 187 ਉਮੀਦਵਾਰ ਵਾਰਡ ਮੈਂਬਰ ਲਈ ਹਨ। ਸਬ-ਡਵੀਜ਼ਨ ਅੰਬ ਵਿੱਚ ਕੁੱਲ 394 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਹਨ। ਇਨ੍ਹਾਂ ਵਿੱਚੋਂ 2 ਜ਼ਿਲ੍ਹਾ ਪ੍ਰੀਸ਼ਦ, 42 ਪੰਚਾਇਤ ਸਮਿਤੀ, 71 ਪ੍ਰਧਾਨ ਦੇ ਅਹੁਦੇ ਲਈ, 71 ਉਪ-ਪ੍ਰਧਾਨ ਅਤੇ 208 ਵਾਰਡ ਮੈਂਬਰ ਉਮੀਦਵਾਰ ਸ਼ਾਮਲ ਹਨ।

ਉੱਥੇ ਹੀ, ਸਬ-ਡਵੀਜ਼ਨ ਹਰੋਲੀ ਵਿੱਚ 363 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਭਰੇ ਹਨ, ਜਿਨ੍ਹਾਂ ਵਿੱਚ 4 ਜ਼ਿਲ੍ਹਾ ਪ੍ਰੀਸ਼ਦ, 29 ਪੰਚਾਇਤ ਸਮਿਤੀ ਮੈਂਬਰ, 78 ਪ੍ਰਧਾਨ, 67 ਉਪ-ਪ੍ਰਧਾਨ ਅਤੇ 185 ਵਾਰਡ ਮੈਂਬਰ ਉਮੀਦਵਾਰ ਸ਼ਾਮਲ ਹਨ। ਇਸ ਤੋਂ ਇਲਾਵਾ ਸਬ-ਡਵੀਜ਼ਨ ਬੇਗਾਣਾ ਵਿੱਚ ਕੁੱਲ 365 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਭਰੇ ਹਨ। ਇਨ੍ਹਾਂ ਵਿੱਚੋਂ 4 ਜ਼ਿਲ੍ਹਾ ਪ੍ਰੀਸ਼ਦ, 27 ਪੰਚਾਇਤ ਸਮਿਤੀ, 59 ਪ੍ਰਧਾਨ ਦੇ ਅਹੁਦੇ ਲਈ, 82 ਉਪ-ਪ੍ਰਧਾਨ ਅਤੇ 193 ਵਾਰਡ ਮੈਂਬਰ ਉਮੀਦਵਾਰ ਸ਼ਾਮਲ ਹਨ।

ਜਤਿਨ ਲਾਲ ਨੇ ਦੱਸਿਆ ਕਿ ਇਸ ਤੋਂ ਬਾਅਦ ਹੁਣ ਨਾਮਜ਼ਦਗੀ ਪੱਤਰ 11 ਮਈ ਨੂੰ ਵੀ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਦਾਖ਼ਲ ਕੀਤੇ ਜਾ ਸਕਣਗੇ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 12 ਮਈ ਨੂੰ ਸਵੇਰੇ 10 ਵਜੇ ਤੋਂ ਹੋਵੇਗੀ, ਜਦਕਿ 14 ਅਤੇ 15 ਮਈ ਨੂੰ ਉਮੀਦਵਾਰ ਆਪਣੇ ਨਾਂ ਵਾਪਸ ਲੈ ਸਕਣਗੇ।

ਨਾਂ ਵਾਪਸੀ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਤੁਰੰਤ ਬਾਅਦ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਜਾਣਗੇ ਅਤੇ ਅੰਤਿਮ ਸੂਚੀ ਪ੍ਰਕਾਸ਼ਿਤ ਕੀਤੀ ਜਾਵੇਗੀ।

'ਪੰਚਾਇਤੀ ਰਾਜ ਸੰਸਥਾਵਾਂ ਦੀਆਂ ਆਮ ਚੋਣਾਂ-2026'

ਨਾਮਜ਼ਦਗੀ ਦੇ ਦੂਜੇ ਦਿਨ ਊਨਾ ਜ਼ਿਲ੍ਹੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਵਾਰਡਾਂ ਲਈ 14 ਉਮੀਦਵਾਰਾਂ ਨੇ ਭਰੇ ਨਾਮਜ਼ਦਗੀ ਪੱਤਰ

ਊਨਾ, 8 ਮਈ (ਪੈਗਾਮ-ਏ-ਜਗਤ)

ਪੰਚਾਇਤੀ ਰਾਜ ਸੰਸਥਾਵਾਂ ਦੀਆਂ ਆਮ ਚੋਣਾਂ-2026 ਤਹਿਤ ਸ਼ੁੱਕਰਵਾਰ ਨੂੰ ਨਾਮਜ਼ਦਗੀ ਪ੍ਰਕਿਰਿਆ ਦੇ ਦੂਜੇ ਦਿਨ ਊਨਾ ਜ਼ਿਲ੍ਹੇ ਦੇ ਵੱਖ-ਵੱਖ ਜ਼ਿਲ੍ਹਾ ਪ੍ਰੀਸ਼ਦ ਵਾਰਡਾਂ ਤੋਂ ਕੁੱਲ 14 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ (ਡਿਪਟੀ ਕਮਿਸ਼ਨਰ) ਜਤਿਨ ਲਾਲ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਸਬ-ਡਵੀਜ਼ਨ ਹਰੋਲੀ ਦੇ ਅਧੀਨ ਜ਼ਿਲ੍ਹਾ ਪ੍ਰੀਸ਼ਦ ਵਾਰਡਾਂ ਤੋਂ 4 ਉਮੀਦਵਾਰਾਂ ਨੇ ਨਾਮਜ਼ਦਗੀਆਂ ਦਾਖ਼ਲ ਕੀਤੀਆਂ। ਇਨ੍ਹਾਂ ਵਿੱਚ ਵਾਰਡ ਨੰਬਰ 14 ਪੰਜਾਵਰ ਤੋਂ ਅਨੂ ਬਾਲਾ ਧਰਮਪਤਨੀ ਸੁਰੇਸ਼ ਕੁਮਾਰ, ਇੰਦੂ ਬਾਲਾ ਧਰਮਪਤਨੀ ਲੇਖਰਾਜ ਅਤੇ ਵਾਰਡ ਨੰਬਰ 13 ਹਰੋਲੀ ਤੋਂ ਨਰਿੰਦਰ ਸਿੰਘ ਸਪੁੱਤਰ ਧਨੀ ਰਾਮ ਅਤੇ ਜਸਪਾਲ ਸਪੁੱਤਰ ਸੁਖ ਦਿਆਲ ਸ਼ਾਮਲ ਹਨ।

ਸਬ-ਡਵੀਜ਼ਨ ਊਨਾ ਦੇ ਤਹਿਤ 3 ਉਮੀਦਵਾਰਾਂ ਨੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਦੇ ਅਹੁਦੇ ਲਈ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਨ੍ਹਾਂ ਵਿੱਚ ਵਾਰਡ ਨੰਬਰ 8 ਚੜਾਙਤਾ ਤੋਂ ਅਨੂ ਠਾਕੁਰ ਧਰਮਪਤਨੀ ਮਨੋਜ ਕੁਮਾਰ, ਵਾਰਡ ਨੰਬਰ 10 ਰਾਏਪੁਰ ਸਹੋੜਾ ਤੋਂ ਬਿੰਦੂ ਸ਼ਰਮਾ ਧਰਮਪਤਨੀ ਰਾਜਨ ਕੁਮਾਰ ਅਤੇ ਵਾਰਡ ਨੰਬਰ 7 ਟੰਕਾ ਤੋਂ ਸੁਮਿਤ ਕੁਮਾਰ ਸ਼ਰਮਾ ਸਪੁੱਤਰ ਹਰੀਸ਼ ਕੁਮਾਰ ਸ਼ਰਮਾ ਸ਼ਾਮਲ ਹਨ।

ਇਸੇ ਤਰ੍ਹਾਂ ਸਬ-ਡਵੀਜ਼ਨ ਅੰਬ ਵਿੱਚ 2 ਉਮੀਦਵਾਰਾਂ ਨੇ ਨਾਮਜ਼ਦਗੀਆਂ ਦਾਖ਼ਲ ਕੀਤੀਆਂ। ਇਨ੍ਹਾਂ ਵਿੱਚ ਵਾਰਡ ਨੰਬਰ 1 ਮੁਬਾਰਿਕਪੁਰ ਤੋਂ ਪਵਨਜੀਤ ਸਿੰਘ ਸਪੁੱਤਰ ਬਲਵੰਤ ਸਿੰਘ ਅਤੇ ਵਾਰਡ ਨੰਬਰ 2 ਕੁਠੇਡਾ ਖੇਡਲਾ ਤੋਂ ਅਞਣ ਲਤਾ ਧਰਮਪਤਨੀ ਸੈਸੀਵ ਕੁਮਾਰ ਸ਼ਾਮਲ ਹਨ। ਸਬ-ਡਵੀਜ਼ਨ ਬੇਗਾਣਾ ਵਿੱਚ 4 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਇਨ੍ਹਾਂ ਵਿੱਚ ਵਾਰਡ ਨੰਬਰ 6 ਧਨੇਤ ਤੋਂ ਵੀਨਾ ਦੇਵੀ ਧਰਮਪਤਨੀ ਰੋਸ਼ਨ ਲਾਲ ਅਤੇ ਚੇਚਲ ਬਾਲਾ ਧਰਮਪਤਨੀ ਸੁਰਾਜ ਚੰਦ ਸ਼ਾਮਲ ਹਨ। ਇਸ ਤੋਂ ਇਲਾਵਾ ਸਬ-ਡਵੀਜ਼ਨ ਗਗਰੇਟ ਤੋਂ ਵਾਰਡ ਨੰਬਰ 16 ਚਲੋਟ ਤੋਂ ਰਜਨੀ ਦੇਵੀ ਧਰਮਪਤਨੀ ਸੁਸ਼ੀਲ ਕੁਮਾਰ ਨੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਦੇ ਅਹੁਦੇ ਲਈ ਆਪਣਾ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਾਮਜ਼ਦਗੀ ਪੱਤਰ 11 ਮਈ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਦਾਖ਼ਲ ਕੀਤੇ ਜਾ ਸਕਣਗੇ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 12 ਮਈ ਨੂੰ ਸਵੇਰੇ 10 ਵਜੇ ਤੋਂ ਹੋਵੇਗੀ, ਜਦਕਿ 14 ਅਤੇ 15 ਮਈ ਨੂੰ ਉਮੀਦਵਾਰ ਆਪਣੇ ਨਾਂ ਵਾਪਸ ਲੈ ਸਕਣਗੇ। ਨਾਂ ਵਾਪਸੀ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਜਾਣਗੇ ਅਤੇ ਅੰਤਿਮ ਸੂਚੀ ਪ੍ਰਕਾਸ਼ਿਤ ਕੀਤੀ ਜਾਵੇਗੀ।

ਮਾਂ ਸੱਚਮੁੱਚ ਮਾਂ ਹੁੰਦੀ ਹੈ, ਹੇ ਦੁਨੀਆਂ ਦੇ ਲੋਕੋ... ਮਾਂ ਦੀ ਪੂਜਾ ਕਰਨਾ ਪਰਮਾਤਮਾ ਦੀ ਪੂਜਾ

ਪੈਗਾਮ-ਏ-ਜਗਤ/ਕਰਨਾਲ
8 ਮਈ (ਪ੍ਰਵੀਨ ਵਲੀਆ)

- ਮਾਂ ਹਰ ਬੱਚੇ ਦੀ ਸਭ ਤੋਂ ਵੱਡੀ ਤਾਕਤ ਹੁੰਦੀ ਹੈ: ਚੇਅਰਮੇਨ ਕਰਨਲ ਅਰੁਣ ਦੱਤਾ, ਕਰਨਲ ਇੰਟਰਨੈਸ਼ਨਲ ਸਕੂਲ ਵਿਖੇ ਮਾਂ ਦਿਵਸ ਸਮਾਰੋਹ ਦਾ ਆਯੋਜਨ

ਕਰਨਾਲ ਇੰਟਰਨੈਸ਼ਨਲ ਸਕੂਲ ਵਿਖੇ ਨਰਸਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਮਾਂ ਦਿਵਸ ਸਮਾਰੋਹ ਦਾ ਆਯੋਜਨ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਮਾਵਾਂ ਪ੍ਰਤੀ ਪਿਆਰ, ਸਤਿਕਾਰ ਅਤੇ ਸ਼ੁਕਰਗੁਜ਼ਾਰੀ ਦਾ ਪ੍ਰਗਟਾਵਾ ਕਰਨਾ ਸੀ।

ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸ਼ਰਧਾਮਈ "ਗਣੇਸ਼ ਵੰਦਨਾ" (ਗਣਪਤੀ ਗਣੇਸ਼ ਦੀ ਪ੍ਰਾਰਥਨਾ) ਨਾਲ ਹੋਈ, ਜਿਸਨੇ ਪੂਰੇ ਆਡੀਟੋਰੀਅਮ ਵਿੱਚ ਇੱਕ ਅਧਿਆਤਮਿਕ ਮਾਹੌਲ ਪੈਦਾ ਕਰ ਦਿੱਤਾ। ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਨੂੰ ਸਮਰਪਿਤ ਵੱਖ-ਵੱਖ ਸੱਭਿਆਚਾਰਕ ਪ੍ਰਦਰਸ਼ਨ - ਨਾਚ, ਨਾਟਕ, ਕਵਿਤਾਵਾਂ ਅਤੇ ਭਾਸ਼ਣ -

ਰਾਜੂ ਬ੍ਰਦਰਸ ਵੈੱਲਫੇਅਰ ਸੁਸਾਇਟੀ ਯੂ ਕੇ ਐਂਡ ਪੰਜਾਬ ਵਲੋਂ ਸਮਾਜ ਸੇਵੀ ਦਰਸ਼ਨ ਸਿੰਘ ਮੱਟੂ ਦਾ ਕੀਤਾ ਗਿਆ ਵਿਸ਼ੇਸ਼ ਸਨਮਾਨ

ਪੈਗਾਮ-ਏ-ਜਗਤ/ਗੜ੍ਹਸ਼ੰਕਰ
8 ਮਈ (ਹਰੀ ਕ੍ਰਿਸ਼ਨ ਗੰਗੜ)

ਉੱਘੇ ਸਮਾਜ ਸੇਵੀ ਅਤੇ ਸ਼ਹੀਦ ਭਗਤ ਸਿੰਘ ਚੈਰੀਟੇਬਲ ਟਰੱਸਟ ਗੜ੍ਹਸ਼ੰਕਰ ਦੇ ਪ੍ਰਧਾਨ ਦਰਸ਼ਨ ਸਿੰਘ ਮੱਟੂ ਨੂੰ ਬੀਤੇ ਦਿਨੀਂ ਹੁਸ਼ਿਆਰਪੁਰ ਵਿਖੇ ਗੰਗਾ ਯਮੁਨੀ ਹਾਰਮੋਨੀਅਸ ਐਵਾਰਡ ਨਾਲ ਨਿਵਾਜਿਆ ਗਿਆ ਸੀ। ਜਿਸ ਦੇ ਮੰਦੇਨਜ਼ਰ ਅੱਜ ਸ਼ਹੀਦ ਭਗਤ ਸਿੰਘ ਸਮਾਰਕ ਗੜ੍ਹਸ਼ੰਕਰ ਵਿਖੇ ਰਾਜੂ ਵੈਲਫੇਅਰ ਸੁਸਾਇਟੀ ਅਤੇ ਜੀਵਨ ਜਾਗ੍ਰਿਤੀ ਮੰਚ ਗੜ੍ਹਸ਼ੰਕਰ ਵਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵੀ ਡਾਕਟਰ ਲਖਵਿੰਦਰ ਕੁਮਾਰ, ਹੋਪੀ ਸਾਧੋਵਾਲ, ਰੌਕੀ ਮੋਇਲਾ ਅਤੇ ਪ੍ਰਿੰਸੀਪਲ ਬਿੰਕਰ ਸਿੰਘ ਨੇ ਕਿਹਾ ਕਿ ਇਹ ਸਾਡੇ ਲਈ ਬਹੁਤ ਫਕਰ ਵਾਲੀ ਗੱਲ ਹੈ ਕਿ ਲੋਕ ਭਲਾਈ ਦੇ ਕੰਮਾਂ ਨੂੰ ਅਪਣਾ ਸਾਰਾ ਜੀਵਨ ਸਮਰਪਿਤ ਕਰਨ ਵਾਲੇ ਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਹਮੇਸ਼ਾ ਸਭ ਤੋਂ ਪਹਿਲਾਂ ਖੜਨ ਵਾਲੇ ਸਮਾਜ ਸੇਵੀ ਦਰਸ਼ਨ ਸਿੰਘ ਮੱਟੂ ਨੂੰ ਗੰਗਾ ਯਮੁਨੀ ਹਾਰਮੋਨੀਅਸ ਐਵਾਰਡ ਨਾਲ

ਨਿਵਾਜਿਆ ਗਿਆ ਹੈ। ਜਿਸ ਦੇ ਮੰਦੇਨਜ਼ਰ ਅੱਜ ਦਰਸ਼ਨ ਸਿੰਘ ਮੱਟੂ ਦਾ ਗੜ੍ਹਸ਼ੰਕਰ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਮੋਹਤਬਰ ਸਖਸ਼ੀਅਤਾਂ ਵਲੋਂ ਕੀਤੇ ਗਏ ਸਨਮਾਨ ਲਈ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਵੇਂ ਉਹ ਇਸ ਮਾਣ-ਸਨਮਾਨ ਦੇ ਕਾਬਲ ਨਹੀਂ ਸਨ। ਪਰ ਫਿਰ ਵੀ ਉਨ੍ਹਾਂ ਨੂੰ ਇਹ ਸਨਮਾਨ ਦੇਕੇ ਨਵਾਜਿਆ ਗਿਆ ਹੈ। ਜਿਸ ਲਈ ਉਹ ਸਾਰੀਆਂ ਮੋਹਤਬਰ ਸਖਸ਼ੀਅਤਾਂ ਦਾ ਧੰਨਵਾਦ ਕਰਦੇ ਹਨ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਡਾਕਟਰ ਲਖਵਿੰਦਰ ਕੁਮਾਰ, ਹੋਪੀ ਸਾਧੋਵਾਲ, ਰੌਕੀ ਮੋਇਲਾ, ਸਾਬਕਾ ਕੌਂਸਲਰ ਕੁਲਵਿੰਦਰ ਸੈਣੀ, ਪ੍ਰਿੰਸੀਪਲ ਬਿੰਕਰ ਸਿੰਘ, ਹਰਦੇਵ ਰਾਏ, ਭੁਪਿੰਦਰ ਰਾਣਾ ਅਤੇ ਪ੍ਰੀਤ ਪਾਰੇਵਾਲ ਆਦਿ ਹਾਜ਼ਰ ਸਨ।

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਨੇ ਮਾਵਾਂ ਅਤੇ ਬੱਚਿਆਂ ਲਈ ਪੋਸ਼ਣ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਦੀ ਐਨਐਸਐਸ ਯੂਨਿਟ ਨੇ ਸਰਕਾਰੀ ਹਾਈ ਸਕੂਲ, ਆਸਰੋ ਵਿਖੇ ਇੱਕ ਇਟਰਐਕਟਿਵ ਜਾਗਰੂਕਤਾ ਸੈਸ਼ਨ ਦਾ ਆਯੋਜਨ ਕੀਤਾ, ਜਿਸ ਵਿੱਚ ਰੋਲ ਲਏ ਪਿੰਡ ਦੀਆਂ ਅੌਰਤਾਂ ਅਤੇ ਵਿਦਿਆਰਥੀਆਂ ਨੂੰ ਮਾਵਾਂ ਅਤੇ ਬੱਚਿਆਂ ਲਈ ਪੋਸ਼ਣ ਵਿਸ਼ੇ 'ਤੇ ਸ਼ਾਮਲ ਕੀਤਾ ਗਿਆ। ਇਹ ਸੈਸ਼ਨ ਪ੍ਰੋਗਰਾਮ ਅਫਸਰ ਸ਼੍ਰੀਮਤੀ ਦੀਪਤੀ ਦੀ ਅਗਵਾਈ ਹੇਠ, ਐਨਐਸਐਸ ਵਲੰਟੀਅਰਾਂ ਦੀ ਇੱਕ ਸਮਰਪਿਤ ਟੀਮ ਦੇ ਨਾਲ ਆਯੋਜਿਤ ਕੀਤਾ ਗਿਆ। ਸੈਸ਼ਨ ਦੌਰਾਨ, ਸ਼ੁਰੂਆਤੀ ਜਿਮਾਰੀ ਵਿਕਾਸ ਵਿੱਚ ਸਹੀ ਪੋਸ਼ਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ, ਖਾਸ ਕਰਕੇ ਗਰਭ ਅਵਸਥਾ ਦੇ ਵੱਖ-ਵੱਖ ਤਿਮਾਹੀਆਂ ਵਿੱਚ। ਵਲੰਟੀਅਰਾਂ ਨੂੰ ਭਾਗੀਦਾਰਾਂ ਲਈ ਸੰਕਲਪਾਂ ਨੂੰ ਸਮਝਣ ਵਿੱਚ ਆਸਾਨ ਅਤੇ ਸੰਬੰਧਿਤ ਬਣਾਉਣ ਲਈ ਜਾਣਕਾਰੀ ਭਰਪੂਰ ਚਾਰਟ ਅਤੇ ਮਾਡਲਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕੀਤੀ।

ਪੋਸ਼ਣ ਤੋਂ ਇਲਾਵਾ, ਸੈਸ਼ਨ ਨੇ ਵਿਦਿਆਰਥੀਆਂ 'ਤੇ ਸਕ੍ਰੀਨ ਸਮੇਂ ਦੇ ਪ੍ਰਭਾਵ ਨੂੰ ਵੀ ਸੰਬੋਧਿਤ ਕੀਤਾ। ਵਲੰਟੀਅਰਾਂ ਨੇ ਬਹੁਤ ਜ਼ਿਆਦਾ ਸਕ੍ਰੀਨ ਵਰਤੋਂ ਦੇ ਫਾਇਦਿਆਂ ਅਤੇ ਨੁਕਸਾਨਾਂ ਦੋਵਾਂ ਬਾਰੇ ਦੱਸਿਆ ਅਤੇ ਵਿਦਿਆਰਥੀਆਂ ਨੂੰ ਸਿਹਤਮੰਦ ਆਦਤਾਂ ਅਪਣਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਉਨ੍ਹਾਂ ਨੂੰ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ, ਪਰਿਵਾਰ ਅਤੇ ਸਮਾਜ ਨਾਲ ਗੁਣਵੱਤਾ ਵਾਲਾ ਸਮਾਂ ਬਿਤਾਉਣ ਅਤੇ ਮੋਬਾਈਲ ਡਿਵਾਈਸਾਂ 'ਤੇ ਬਹੁਤ ਜ਼ਿਆਦਾ ਸਕ੍ਰੋਲਿੰਗ ਦੀ ਆਦਤ ਨੂੰ ਘਟਾਉਣ ਲਈ ਪ੍ਰੇਰਿਤ ਕੀਤਾ। ਸ਼੍ਰੀਮਤੀ ਰਤਨ ਕੌਰ, ਸਹਾਇਕ ਡਾਇਰੇਕਟਰ ਯੂਥਕ ਸੇਵਾਵਾਂ, ਨੇ ਸ਼੍ਰੀਮਤੀ ਅਰਚਨਾ ਦੇ ਨਾਲ, ਪਿੰਡ ਦੀਆਂ ਗਰਭਵਤੀ ਅੌਰਤਾਂ ਨਾਲ ਵੀ ਗੱਲਬਾਤ ਕੀਤੀ। ਉਨ੍ਹਾਂ ਨੇ ਉਨ੍ਹਾਂ ਨੂੰ ਮਾਵਾਂ ਦੀ ਸਿਹਤ ਬਾਰੇ ਮਾਰਗਦਰਸ਼ਨ ਕੀਤਾ ਅਤੇ ਵੱਖ-ਵੱਖ ਤਿਮਾਹੀਆਂ ਲਈ ਟੀਕਾਕਰਨ ਸ਼ਡਿਊਲ ਵੇਂਡੇ, ਜਿਸ ਨਾਲ ਸਮੇਂ ਸਿਰ ਟੀਕਾਕਰਨ ਬਾਰੇ ਬਿਹਤਰ ਜਾਗਰੂਕਤਾ ਯਕੀਨੀ ਬਣਾਈ ਗਈ।

ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕਫੋਰਸ ਦਾ ਗਠਨ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਬਸਿਡੀਸ਼ੁਦਾ ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਅਤੇ ਡਾਇਵਰਜਨ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਹੈ। ਇਸ ਟਾਸਕ ਫੋਰਸ ਵਿੱਚ ਮੁੱਖ ਖੇਤੀਬਾੜੀ ਅਫਸਰ, ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ ਅਤੇ ਐਸ.ਪੀ. ਹੈਡਕੁਆਰਟਰ ਨੂੰ ਸ਼ਾਮਲ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਟਾਸਕਫੋਰਸ ਦਾ ਮੁੱਖ ਉਦੇਸ਼ ਖੇਤੀਬਾੜੀ ਲਈ ਦਿੱਤੀ ਜਾਣ ਵਾਲੀ ਸਬਸਿਡੀਸ਼ੁਦਾ ਯੂਰੀਆ ਖਾਦ ਦੀ ਗੈਰ-ਖੇਤੀਬਾੜੀ ਕੰਮਾਂ ਵਿੱਚ ਹੋ ਰਹੀ ਵਰਤੋਂ 'ਤੇ ਨਿਗਰਾਨੀ ਰੱਖਣਾ ਅਤੇ ਇਸ ਨੂੰ ਪੂਰੀ ਤਰ੍ਹਾਂ ਰੋਕਣਾ ਹੈ। ਉਨ੍ਹਾਂ ਕਿਹਾ ਕਿ ਭਾਰਤ

- ਗੈਰ-ਖੇਤੀਬਾੜੀ ਕੰਮਾਂ 'ਚ ਸਬਸਿਡੀਸ਼ੁਦਾ ਯੂਰੀਆ ਦੀ ਵਰਤੋਂ ਕਰਨ ਵਾਲਿਆਂ ਖਿਲਾਫ਼ ਹੋਵੇਗੀ ਸਖ਼ਤ ਕਾਰਵਾਈ : ਡਿਪਟੀ ਕਮਿਸ਼ਨਰ ਆਸ਼ਿਕਾ ਜੈਨ

ਸਰਕਾਰ ਵੱਲੋਂ ਕਿਸਾਨਾਂ ਨੂੰ ਵਾਜਬ ਕੀਮਤ 'ਤੇ ਯੂਰੀਆ ਉਪਲਬੱਧ ਕਰਵਾਉਣ ਲਈ ਵੱਡੇ ਪੱਧਰ 'ਤੇ ਸਬਸਿਡੀ ਦਿੱਤੀ ਜਾਂਦੀ ਹੈ, ਪਰ ਕੁਝ ਉਦਯੋਗਿਕ ਇਕਾਈਆਂ ਅਤੇ ਫੈਕਟਰੀਆਂ ਵੱਲੋਂ ਇਸ ਦੀ ਗਲਤ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੂਰੀਆ ਖਾਦ ਦੀ ਵਰਤੋਂ ਫੀਡ ਤਿਆਰ ਕਰਨ, ਰੈਜਿਨ ਬਣਾਉਣ, ਪਲਾਈਵੁੱਡ ਫੈਕਟਰੀਆਂ ਅਤੇ ਹੋਰ ਗੈਰ-ਖੇਤੀਬਾੜੀ ਕੰਮਾਂ ਵਿੱਚ ਕੀਤੇ ਜਾਣ ਕਾਰਨ ਸਰਕਾਰ ਨੂੰ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ ਅਤੇ ਕਿਸਾਨਾਂ ਲਈ ਖਾਦ ਦੀ ਉਪਲਬਧਤਾ ਪ੍ਰਭਾਵਿਤ ਹੁੰਦੀ ਹੈ। ਮੁੱਖ ਖੇਤੀਬਾੜੀ ਅਫਸਰ ਡਾ. ਦਪਿੰਦਰ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟਾਸਕਫੋਰਸ ਵੱਲੋਂ ਜ਼ਿਲ੍ਹੇ ਵਿੱਚ ਯੂਰੀਆ ਖਾਦ ਦੀ ਸਪਲਾਈ, ਸਟੋਰੇਜ ਅਤੇ ਵਰਤੋਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਸਬੰਧੀ ਕੋਈ ਜਾਣਕਾਰੀ ਜਾਂ ਸ਼ਿਕਾਇਤ ਹੋਵੇ ਤਾਂ ਉਹ ਖੇਤੀਬਾੜੀ ਵਿਭਾਗ ਦੇ ਸਬੰਧਤ ਬਲਾਕ ਦਫ਼ਤਰ ਵਿਖੇ ਸੰਪਰਕ ਕਰ ਸਕਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਦੋਸ਼ੀਆਂ ਖਿਲਾਫ਼ ਫਰਟੀਲਾਈਜ਼ਰ ਕੰਟਰੋਲ ਆਰਡਰ 1985 ਤਹਿਤ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਬੀਬੀਐਮਬੀ ਵੱਲੋਂ ਰੈੱਡ ਕਰਾਸ ਦਿਵਸ ਮਨਾਇਆ ਗਿਆ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਮੁੱਖ ਇੰਜੀਨੀਅਰ ਰਾਕੇਸ਼ ਗੁਪਤਾ ਦੇ ਨਿਰਦੇਸ਼ਾਂ ਅਤੇ ਬੀਬੀਐਮਬੀ ਰੈੱਡ ਕਰਾਸ ਦੀ ਚੇਅਰਪਰਸਨ ਸੀਮਾ ਗੁਪਤਾ ਦੇ ਮਾਰਗਦਰਸ਼ਨ ਹੇਠ, ਸ਼ਿਲ੍ਹ ਨਿਕੇਤਨ (ਬਾਲ ਸੰਭਾਲ ਕੇਂਦਰ) ਅਤੇ ਸਿਲਾਈ ਅਤੇ ਕਢਾਈ ਕੇਂਦਰ ਵਿਖੇ ਰੈੱਡ ਕਰਾਸ ਦਿਵਸ ਮਨਾਇਆ ਗਿਆ। ਇਸ ਮੌਕੇ ਬੀਬੀਐਮਬੀ ਰੈੱਡ ਕਰਾਸ ਸੋਸਾਇਟੀ ਦੀ ਸਕੱਤਰ ਡਿੰਪਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਈ। ਉਸਨੇ ਸਿਲਾਈ ਅਤੇ ਕਢਾਈ ਦੀ ਸਿਖਲਾਈ ਲੈ ਰਹੇ ਛੋਟੇ ਬੱਚਿਆਂ ਅਤੇ ਅੌਰਤਾਂ ਨਾਲ ਦਿਨ ਦੀ ਖੁਸ਼ੀ ਸਾਂਝੀ ਕੀਤੀ। ਰੈੱਡ ਕਰਾਸ ਸਕੱਤਰ ਡਿਪਲ ਨੇ ਕਿਹਾ ਕਿ ਇਹ ਦਿਨ ਰੈੱਡ ਕਰਾਸ ਸੋਸਾਇਟੀ ਦੇ ਸੰਸਥਾਪਕ, ਹੈਨਰੀ ਡੂਨੈਂਟ ਦੇ ਜਨਮ ਦਿਨ ਨੂੰ

ਸਮਰਪਿਤ ਹੈ। ਉਸਨੇ ਕਿਹਾ ਕਿ ਬੀਬੀਐਮਬੀ ਰੈੱਡ ਕਰਾਸ ਸੋਸਾਇਟੀ ਵੱਖ-ਵੱਖ ਸਮਾਜ ਭਲਾਈ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਰੁੱਝੀ ਹੋਈ ਹੈ, ਜਿਸ ਵਿੱਚ ਕੰਮਕਾਜੀ ਅੌਰਤਾਂ ਦੇ ਬੱਚਿਆਂ ਲਈ ਸ਼ਿਲ੍ਹ ਨਿਕੇਤਨ ਦਾ ਸੰਚਾਲਨ ਅਤੇ ਅੌਰਤਾਂ ਨੂੰ ਸਿਲਾਈ ਅਤੇ ਕਢਾਈ ਦੇ ਹੁਨਰ ਪ੍ਰਦਾਨ ਕਰਨ ਲਈ ਇੱਕ ਸਿਖਲਾਈ ਕੇਂਦਰ ਸ਼ਾਮਲ ਹੈ। ਇਸ ਮੌਕੇ, ਉਸਨੇ ਪੂਰੇ ਰੈੱਡ ਕਰਾਸ ਸਟਾਫ ਨੂੰ ਇਸ ਦਿਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਮਾਜ ਸੇਵਾ ਅਤੇ ਲੋਕ ਭਲਾਈ ਲਈ ਉਨ੍ਹਾਂ ਦੇ ਚੱਲ ਰਹੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਸਮਾਰਕਮ ਵਿੱਚ ਰੈੱਡ ਕਰਾਸ ਮੈਨੇਜਰ ਨਰਦੇਵ ਸਿੰਘ ਤੋਂ ਇਲਾਵਾ, ਸ਼ਿਲ੍ਹ ਨਿਕੇਤਨ ਅਤੇ ਸਿਲਾਈ ਅਤੇ ਕਢਾਈ ਕੇਂਦਰ ਦਾ ਸਟਾਫ਼ ਵੀ ਮੌਜੂਦ ਸੀ।

ਨਗਰ ਕੌਂਸਲ ਨਵਾਂਸ਼ਹਿਰ ਦੇ ਕਰਮਚਾਰੀਆਂ ਵੱਲੋਂ ਤੀਜੇ ਦਿਨ ਵੀ ਮੁਕੰਮਲ ਹੜਤਾਲ

ਪੈਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ਉਤੇ ਅੱਜ ਨਗਰ ਕੌਂਸਲ ਨਵਾਂਸ਼ਹਿਰ ਦੇ ਕਰਮਚਾਰੀਆਂ ਨੇ ਤੀਜੇ ਦਿਨ ਵੀ ਮੁਕੰਮਲ ਹੜਤਾਲ? ਕੀਤੀ। ਇਸ ਮੌਕੇ ਦਿੱਤੇ ਗਏ ਧਰਨੇ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵਡੇਚ, ਸੂਬਾ ਪ੍ਰੈਸ ਸਕੱਤਰ ਜਸਵੀਰ ਦੀਪ,ਕਰਮਚਾਰੀ ਸੰਗਠਨ ਦੇ ਜਿਲਾ ਪ੍ਰਧਾਨ ਸੰਨੀ ਬਘਾਨੀਆ,ਨਵਾਂਸ਼ਹਿਰ ਦੇ ਪ੍ਰਧਾਨ ਸੁਰਜ ਖੱਸਲਾ,, ਚੇਅਰਮੈਨ ਦੀਪਕ ਖੱਸਲਾ, ਭਾਵਾਧਸ ਦੇ ਪ੍ਰਧਾਨ ਵਿੱਕੀ ਗਿੲਿ ਨੇ ਸੰਬੋਧਨ ਕੀਤਾ।

ਉਹਨਾਂ ਕਿਹਾ ਕਿ ਮਿਊਂਸਪਲ ਕਰਮਚਾਰੀਆਂ ਦੀ ਪੰਜਾਬ ਭਰ 'ਚ ਤੀਜੇ ਦਿਨ ਵੀ ਮੁਕੰਮਲ ਹੜਤਾਲ

ਰਹੀ। ਪੰਜਾਬ ਭਰ ਚ ਸਫਾਈ ਕੰਮ ਦਾ ਮੁਕੰਮਲ ਬਾਈਕਾਟ ਰਿਹਾ।

ਕੱਚੇ ਕਾਮੇ ਪੱਕੇ ਕਰਨ, ਘਟੋ ਘੱਟ ਉਜਰਤ 40 ਹਜਾਰ ਕਰਨ ਸਮੇਤ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਅਤੇ ਹੋਰ ਮੰਗਾਂ ਨੂੰ ਲੈਕੇ ਪੰਜਾਬ ਭਰ ਦੇ ਨਿਗਮਾਂ,ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਅਧੀਨ 150 ਤੋਂ ਵਧ ਸਟੋਸਨਾ ਤੇ ਸਫਾਈ ਸੇਵਕਾਂ ਨੇ ਮੁਕੰਮਲ ਹੜਤਾਲ ਕਰ ਦਿੱਤੀ ਹੈ ਜੋ ਮੰਗਾਂ ਦੀ ਪੂਰਤੀ ਤਕ ਜਾਰੀ ਰਹੇਗੀ।

ਆਗੂਆਂ ਕਿਹਾ ਕਿ ਇਹ ਹੜਤਾਲ? ਸਾਡਾ ਕੋਈ ਸ਼ੌਕ ਨਹੀਂ ਮਜ਼ਬੂਰੀ ਹੈ। ਕਿਉਕਿ ਪੰਜਾਬ ਦਾ 90% ਮੁਲਾਜਮ ਕੱਚਾ ਹੈ ਤੇ ਮਾਤਰ 10 ਹਜਾਰ ਨਿਗੁਣੀ ਤਨਖਾਹ ਤੇ ਕੰਮ ਕਰ ਰਿਹਾ ਹੈ। ਮਹਿਗਾਈ ਕਰਕੇ ਘਰਾਂ ਦਾ ਗੁਜ਼ਾਰਾ ਬੜੀ ਮੁਸ਼ਕਲ ਨਾਲ ਚੱਲਦਾ ਹੈ। ਅੱਜ ਤੋਂ ਲਗਭਗ ਸਾਢੇ 4 ਸਾਲ ਪਹਿਲਾਂ ਸੱਤਾ ਵਿਚ ਆਉਣ ਵਾਲੀ ਮਾਨ ਸਰਕਾਰ ਇਹਨਾਂ ਹੀ ਸਫਾਈ ਸੇਵਕਾ ਦਾ ਝਾੜੂ ਵਾਲਾ ਨਿਸ਼ਾਨ ਲੈ ਕੇ ਵੋਟਾਂ ਮੰਗ ਕੇ ਸੱਤਾ ਵਿਚ ਆਈ ਸੀ। ਉਸ ਵੇਲੇ ਮਾਨਯੋਗ ਮੁੱਖ ਮੰਤਰੀ ਵੱਲੋਂ ਕਿਹਾ ਸੀ ਕੇ ਸਾਡੀ ਸਰਕਾਰ ਵਿਚ ਕਿਸੇ ਨੂੰ ਵੀ ਧਰਨੇ, ਪ੍ਰਦਰਸ਼ਨ ਕਰਨ ਦੀ ਲੋੜ ਨਹੀਂ ਪਵੇਗੀ,ਪਰ ਹੋਇਆ ਇਸ ਦੇ ਉਲਟ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਲੰਬੇ ਸਮੇ ਤੋਂ ਲਾਰੇ ਲਾ ਰਹੀ ਹੈ! ਮੀਟਿੰਗ ਦੇਕੇ ਮੁਕਰ ਜਾਂਦੀ। ਇਸ ਲਈ ਹੁਣ ਆਰ ਪਾਰ ਦੇ ਸੰਘਰਸ਼ ਦੀ ਅਸੀਂ ਤਿਆਰੀ ਕਰ ਲਈ ਹੈ! ਆਗੂਆਂ ਨੇ ਕਿਹਾ ਜੇਕਰ ਉਹਨਾਂ ਦੀਆਂ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਪੰਜਾਬ ਸਰਕਾਰ ਸਿਆਸੀ ਨੁਕਸਾਨ ਝੱਲਣ ਲਈ ਤਿਆਰ ਰਹੇ।

ਮਿੱਟੀ ਬਣਨ ਤੋਂ ਪਹਿਲਾਂ ਮਨੁੱਖਤਾ ਦੇ ਕੰਮ ਆਵੇ ਮ੍ਰਿਤਕ ਸਰੀਰ : ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ

ਪੈਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਸਿਵਲ ਸਰਜਨ ਡਾ ਗੁਰਿੰਦਰਜੀਤ ਸਿੰਘ ਜੀ ਦੀ ਯੋਗ ਰਹਿਨੁਮਾਈ ਹੇਠ ਸਿਵਲ ਸਰਜਨ ਦਫਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਵੀਰਵਾਰ ਨੂੰ ਮਨੁੱਖਤਾ, ਸਮਾਜ ਸੇਵਾ ਅਤੇ

- "ਮੌਤ ਅੰਤ ਨਹੀਂ, ਮਨੁੱਖਤਾ ਦੀ ਸੇਵਾ ਲਈ ਬਣ ਸਕਦੀ ਹੈ ਨਵੀਂ ਸ਼ੁਰੂਆਤ

ਮੈਡੀਕਲ ਸਿੱਖਿਆ ਨੂੰ ਸਮਰਪਿਤ ਇਕ ਪ੍ਰੋਫ਼ਣਾਦਾਇਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਵੱਲੋਂ ਪਿੰਡ ਮਜਾਰਾ (ਬਲਾਚੌਰ) ਨਿਵਾਸੀ ਸਵੇ-ਇੱਛੁੱਕ ਦੇਹਦਾਨੀ ਜਸਪਾਲ ਸਿੰਘ ਨੂੰ ਮਰਨ ਉਪਰੰਤ ਦੇਹਦਾਨ ਕਰਨ ਸਬੰਧੀ 'ਦੇਹਦਾਨ ਕਾਰਡ' ਭੇਟ ਕੀਤਾ ਗਿਆ।

ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਦੇਹਦਾਨ ਮਨੁੱਖਤਾ ਦੀ ਭਲਾਈ ਲਈ ਇਕ ਮਹਾਨ ਅਤੇ ਪੁੰਨ ਦਾ ਕਾਰਜ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਡਾਕਟਰੀ ਸਿੱਖਿਆ ਵਿੱਚ ਮ੍ਰਿਤਕ ਦੇਹਾਂ ਤੋਂ ਬਿਨਾਂ ਮਨੁੱਖੀ

ਭਾਜਪਾ ਦੇਸ਼ ਦੀ ਭਲਾਈ ਅਤੇ ਦੇਸ਼ ਭਗਤੀ ਨੂੰ ਸਮਰਪਿਤ ਪਾਰਟੀ ਹੈ ਅਤੇ ਆਪਣੇ ਵਾਅਦਿਆਂ ਨੂੰ ਪੂਰਾ ਕਰਦੀ ਹੈ: ਮੁੱਖ ਮੰਤਰੀ ਨਾਇਬ ਸੈਣੀ

ਅੰਬਾਲਾ, 8 ਮਈ (ਆਰ.ਸਿੰਘ)
(ਪੈਗਾਮ-ਏ-ਜਗਤ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੰਬਾਲਾ ਸ਼ਹਿਰ ਦੀ ਸੈਣੀ ਧਰਮਸ਼ਾਲਾ ਵਿਖੇ ਇੱਕ ਵਿਸ਼ਾਲ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਜਨਤਾ ਪਾਰਟੀ ਨੂੰ ਇੱਕ ਅਜਿਹੀ ਪਾਰਟੀ

- **ਪੰਜਾਬ ਦਾ ਵਿਕਾਸ ਸਿਰਫ਼ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਹੀ ਸੰਭਵ ਹੈ**

ਦੱਸਿਆ ਜੋ ਦੇਸ਼ ਹਿਤ ਅਤੇ ਦੇਸ਼ ਭਗਤੀ ਲਈ ਸਮਰਪਿਤ ਹੋ ਕੇ ਕੰਮ ਕਰਦੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਿਰਫ਼ ਐਲਾਨ ਹੀ ਨਹੀਂ ਕਰਦੀ ਸਗੋਂ ਆਪਣੇ ਵਾਅਦਿਆਂ ਨੂੰ ਲਾਗੂ ਵੀ ਕਰਦੀ ਹੈ।

ਮੁੱਖ ਮੰਤਰੀ ਨੇ ਆਮ ਆਦਮੀ ਪਾਰਟੀ (ਆਪ) 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਕਿਹਾ ਕਿ 'ਆਪ' ਆਗੂ ਆਪਣੇ ਸਿਆਸੀ ਅਕਸ ਨੂੰ ਉੱਚਾ ਚੁੱਕਣ ਲਈ ਸਿਰਫ਼ ਝੂਠੇ ਵਾਅਦੇ ਅਤੇ ਬਿਆਨਬਾਜ਼ੀ ਕਰਦੇ ਹਨ। ਪੰਜਾਬ ਦੀ 'ਆਪ' ਸਰਕਾਰ ਕਿਸਾਨਾਂ ਨੂੰ ਨਾ ਤਾਂ ਕੀਮਤ ਅੰਤਰ ਮੁਆਵਜ਼ਾ ਦੇ ਰਹੀ ਹੈ ਅਤੇ ਨਾ ਹੀ ਘੱਟੋ-ਘੱਟ ਸਮਰਥਨ ਮੂਲ 'ਤੇ ਸਾਰੀਆਂ ਫ਼ਸਲਾਂ ਖ਼ਰੀਦ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਨੂੰਹਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕ ਦਿੱਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਚੋਣਾਂ ਦੌਰਾਨ ਕਾਂਗਰਸ ਨੇ ਹਿਮਾਚਲ ਪ੍ਰਦੇਸ਼ ਵਿੱਚ ਅੌਰਤਾਂ ਨੂੰ 1,500 ਰੁਪਏ ਅਤੇ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ 1,000 ਰੁਪਏ ਦੇਣ ਦਾ ਵਾਅਦਾ ਕੀਤਾ ਸੀ। ਅੱਜ ਤੱਕ ਕਿਸੇ ਵੀ ਪਾਰਟੀ ਨੇ ਅੌਰਤਾਂ ਦੇ ਖਾਤਿਆਂ ਵਿੱਚ ਇੱਕ ਪੈਸਾ ਜਮ੍ਹਾ ਨਹੀਂ ਕਰਵਾਇਆ।

ਮੁੱਖ ਮੰਤਰੀ ਨੇ ਪੰਜਾਬ ਵਿੱਚ ਹਾਲ ਹੀ ਵਿੱਚ ਹੋਏ ਬੰਬ ਧਮਾਕੇ ਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਦੇ ਬਿਆਨ ਨੂੰ ਮੰਦਭਾਗਾ ਦੱਸਦਿਆਂ ਇਸ ਦੀ ਵੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਆਪਣੀਆਂ ਅਸਫਲਤਾਵਾਂ ਨੂੰ ਛੁਪਾਉਣ ਲਈ ਝੂਠੇ ਬਿਆਨ ਦੇ ਕੇ ਆਪਣੇ ਰਾਜਨੀਤਿਕ ਏਜੰਡੇ ਨੂੰ ਅੱਗੇ ਵਧਾ ਰਹੇ ਹਨ। ਇਹ ਆਮ ਆਦਮੀ ਪਾਰਟੀ ਦੀ ਮਾੜੀ ਸੋਚ ਨੂੰ ਦਰਸਾਉਂਦਾ ਹੈ। ਨਾਇਬ ਸੈਣੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਸੈਸ਼ਨ ਜਨਤਕ ਹਿੱਤਾਂ ਦੇ ਮਾਮਲਿਆਂ 'ਤੇ ਚਰਚਾ ਕਰਨ ਲਈ ਸੁਲਾਇਆ ਗਿਆ ਸੀ ਪਰ ਸ਼ਰਾਬ ਪੀਣ ਤੋਂ ਬਾਅਦ ਉੱਥੇ ਹੋਏ ਡਰਾਮੇ ਨੂੰ ਪੂਰੇ ਦੇਸ਼ ਨੇ ਦੇਖਿਆ। ਪੰਜਾਬ ਦੇ ਲੋਕ ਹੁਣ ਸਮਝ ਗਏ ਹਨ ਕਿ ਪੰਜਾਬ ਦਾ ਵਿਕਾਸ ਸਿਰਫ਼ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਇੱਕ ਵਿਕਸਤ ਸੂਬਾ ਬਣੇਗਾ।

ਨਾਇਬ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਅੌਰਤਾਂ ਨੂੰ 2,100 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਅਤੇ ਉਸ ਵਾਅਦੇ ਨੂੰ ਪੂਰਾ ਕੀਤਾ ਹੈ। ਲਾਡੋ ਲਕਸ਼ਮੀ ਯੋਜਨਾ ਦਾ ਦਾਇਰਾ ਵਧਾ ਦਿੱਤਾ ਗਿਆ ਹੈ। ਹੁਣ 1.8 ਲੱਖ ਰੁਪਏ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਅੌਰਤਾਂ ਵੀ ਲਾਡੋ ਲਕਸ਼ਮੀ ਯੋਜਨਾ ਲਈ ਯੋਗ ਹੋਣਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਨੌਜਵਾਨਾਂ ਨੂੰ ਬਿਨਾਂ ਕਿਸੇ ਖ਼ਰਚ ਦੇ ਰੁਜ਼ਗਾਰ ਦੇਣ ਦਾ ਕੰਮ ਕੀਤਾ ਹੈ। ਵਿਧਾਨ ਸਭਾ ਚੋਣਾਂ ਦੇ ਨਤੀਜੇ ਐਲਾਨੇ ਜਾਣ ਤੋਂ ਤੁਰੰਤ ਬਾਅਦ ਸਰਕਾਰ ਨੇ 25,000 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਕੇ ਆਪਣਾ ਵਾਅਦਾ ਪੂਰਾ ਕੀਤਾ। ਇਸ ਨੂੰ ਇੱਕ ਇਤਿਹਾਸਕ ਕਦਮ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਆਪਣੇ ਵਾਅਦੇ ਪੂਰੇ ਕਰਦੀ ਹੈ। ਅੰਬਾਲਾ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਦਾ ਵੇਰਵਾ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਖੇਤਰ ਦੇ ਵਿਕਾਸ ਨੂੰ ਨਵੀਂ ਗਤੀ ਦਿੱਤੀ ਹੈ। ਅੰਬਾਲਾ ਵਿੱਚ ਦੋ ਆਈਐਮਟੀ ਖੋਲ੍ਹੇ ਗਏ ਹਨ ਜੋ ਖੇਤਰ ਦੇ ਉਦਯੋਗਿਕ ਵਿਕਾਸ ਅਤੇ ਰੁਜ਼ਗਾਰ ਲਈ ਮਹੱਤਵਪੂਰਨ ਕਦਮ ਹਨ। ਉਨ੍ਹਾਂ ਇਹ ਵੀ ਕਿਹਾ ਕਿ ਹਰਿਆਣਾ ਭਰ ਵਿੱਚ 10 ਆਈਐਮਟੀ ਸਥਾਪਤ ਕਰਨ ਦਾ ਟੀਚਾ ਹੈ ਜਿਨ੍ਹਾਂ ਵਿੱਚੋਂ ਛੇ 'ਤੇ ਕੰਮ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਨਾਇਬ ਸੈਣੀ ਨੇ ਕਿਹਾ ਕਿ ਸਿਰਫ਼ ਭਾਜਪਾ ਸਰਕਾਰ ਕੋਲ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਦੀ ਸਮਰੱਥਾ ਹੈ ਅਤੇ ਜੇ ਅੰਬਾਲਾ ਵਿੱਚ +ਟਿਪਲ ਇੰਜਨ ਸਰਕਾਰ ਬਣ ਜਾਂਦੀ ਹੈ ਤਾਂ ਵਿਕਾਸ ਦੀ ਗਤੀ ਤਿੰਨ ਗੁਣਾ ਵਧ ਜਾਵੇਗੀ+। ਜਨਤਾ ਨੂੰ ਅਪੀਲ ਕਰਦੇ ਹੋਏ ਉਨ੍ਹਾਂ ਕਿਹਾ ਕਿ 10 ਮਈ ਨੂੰ ਹੋਣ ਵਾਲੀਆਂ ਚੋਣਾਂ ਵਿੱਚ ਮੌਜਦਾ ਉਮੀਦਵਾਰ ਅਕਸ਼ਿਤਾ ਸੈਣੀ ਸਮੇਤ ਸਾਰੇ ਵਾਰਡਾਂ ਵਿੱਚ ਕਮਲ ਦਾ ਫੂੱਲ ਖਿਤਾ ਕੇ ਭਾਜਪਾ ਨੂੰ ਮਜ਼ਬੂਤ ਕਰੋ।

ਖ਼ਵਾਜਾ ਮੰਦਰ ਨੇੜੇ ਸੜਕ ਹਾਦਸਾ, ਮੋਟਰਸਾਈਕਲ ਚਾਲਕ ਗੰਭੀਰ ਰੂਪ ਵਿੱਚ ਜ਼ਖ਼ਮੀ

ਪੈਗਾਮ-ਏ-ਜਗਤ
ਸੰਤੋਖਗੜ੍ਹ/ਊਨਾ, 8 ਮਈ (ਰਾਜਵੀਰ ਚੋਪੜਾ)

ਸੰਤੋਖਗੜ੍ਹ ਵਿੱਚ ਖ਼ਵਾਜਾ ਮੰਦਰ ਦੇ ਨੇੜੇ ਇੱਕ ਮੋਟਰਸਾਈਕਲ ਚਾਲਕ ਸੜਕ ਹਾਦਸੇ ਵਿੱਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਜ਼ਖ਼ਮੀ ਵਿਅਕਤੀ ਟਾਹਲੀਵਾਲ ਤੋਂ ਸੰਤੋਖਗੜ੍ਹ ਵੱਲ ਆ ਰਿਹਾ ਸੀ। ਇਸ ਦੌਰਾਨ ਅਚਾਨਕ ਉਸ ਦਾ ਮੋਟਰਸਾਈਕਲ ਤੋਂ ਸੰਤੁਲਨ ਵਿਗੜ ਗਿਆ, ਜਿਸ ਕਾਰਨ ਉਹ ਸੜਕ 'ਤੇ ਡਿੱਗ ਕੇ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ। ਘਟਨਾ ਤੋਂ ਬਾਅਦ ਆਸ-ਪਾਸ ਮੌਜੂਦ ਸਥਾਨਕ ਲੋਕਾਂ ਨੇ ਮਨੁੱਖਤਾ ਦਾ ਪਰਚਾ ਦਿੰਦਿਆਂ ਤੁਰੰਤ ਪੁਲਿਸ ਪ੍ਰਸ਼ਾਸਨ ਅਤੇ 108 ਐਂਬੂਲੈਂਸ ਸੇਵਾ ਨੂੰ ਸੂਚਨਾ ਦਿੱਤੀ। ਸੂਚਨਾ ਮਿਲਦੇ ਹੀ ਪੁਲਿਸ ਟੀਮ ਅਤੇ 108 ਸਿਹਤ ਵਿਭਾਗ ਦੀ ਐਂਬੂਲੈਂਸ ਮੌਕੇ 'ਤੇ ਪਹੁੰਚ ਗਈ ਅਤੇ ਜ਼ਖ਼ਮੀ ਵਿਅਕਤੀ ਨੂੰ ਮੁੱਢਲਾ ਇਲਾਜ ਦੇਣ ਤੋਂ ਬਾਅਦ ਹਸਪਤਾਲ ਪਹੁੰਚਾਇਆ ਗਿਆ। ਦੱਸਿਆ ਜਾ ਰਿਹਾ ਹੈ ਕਿ ਜ਼ਖ਼ਮੀ ਵਿਅਕਤੀ ਪ੍ਰਵਾਸੀ ਮਜ਼ਦੂਰ ਹੈ। ਉਥੇ ਹੀ ਮੋਟਰਸਾਈਕਲ ਦੇ ਅੱਗੇ ਅਤੇ ਪਿੱਛੇ ਕਿਸੇ ਵੀ ਤਰ੍ਹਾਂ ਦੀ ਨੰਬਰ ਪਲੇਟ ਨਹੀਂ ਲੱਗੀ ਹੋਈ ਸੀ, ਜਿਸ ਕਾਰਨ ਵਾਹਨ ਦੀ ਪਛਾਣ ਕਰਨ ਵਿੱਚ ਵੀ ਮੁਸ਼ਕਲ ਆ ਰਹੀ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ।

ਸਥਾਨਕ ਚੋਣਾਂ ਲਈ ਈਵੀਐਮ 'ਤੇ ਕੱਲ੍ਹ ਹੋਵੇਗਾ ਮੌਕ ਪੋਲ, ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਨਾਹਰ ਰਹਿਣ ਦੀ ਅਪੀਲ

ਊਨਾ, 8 ਮਈ (ਪੈਗਾਮ-ਏ-ਜਗਤ)

ਸ਼ਹਿਰੀ ਸੰਸਥਾ ਚੋਣਾਂ-2026 ਤਹਿਤ ਜ਼ਿਲ੍ਹੇ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮ) ਅਤੇ ਵੀਵੀਪੈਟ ਮਸ਼ੀਨਾਂ ਦੀ ਪਹਿਲੇ ਪੱਧਰ ਦੀ ਜਾਂਚ ਦੀ ਪ੍ਰਕਿਰਿਆ ਸ਼ੁੱਕਰਵਾਰ ਨੂੰ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਸਫਲਤਾਪੂਰਵਕ ਮੁਕੰਮਲ ਕਰ ਲਈ ਗਈ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਊਨਾ ਮਹਿਦਰ ਪਾਲ ਗੁਰਜਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਐਫਐਲਸੀ ਪ੍ਰਕਿਰਿਆ ਤੋਂ ਬਾਅਦ ਹੁਣ ਸ਼ਨੀਵਾਰ, 9 ਮਈ ਨੂੰ ਸਿਆਸੀ ਪਾਰਟੀਆਂ ਦੇ ਅਧਿਕਾਰਤ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਕੁੱਲ ਮਸ਼ੀਨਾਂ ਵਿੱਚੋਂ 10 ਪ੍ਰਤੀਸ਼ਤ ਮਸ਼ੀਨਾਂ 'ਤੇ 1000 ਵੋਟਾਂ ਪਾ ਕੇ ਮੌਕ ਪੋਲ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਮੌਕ ਪੋਲ ਦੀ ਪ੍ਰਕਿਰਿਆ ਸਵੇਰੇ 7 ਵਜੇ ਜ਼ਿਲ੍ਹਾ ਚੋਣ ਦਫ਼ਤਰ ਊਨਾ ਦੀ ਚੌਥੀ ਮੰਜ਼ਿਲ 'ਤੇ ਸਥਿਤ ਮੀਟਿੰਗ ਹਾਲ ਵਿੱਚ ਹੋਵੇਗੀ। ਇਸ ਦੌਰਾਨ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਪੂਰੀ ਪ੍ਰਕਿਰਿਆ ਦਾ ਨਿਰੀਖਣ ਕਰ ਸਕਣਗੇ, ਤਾਂ ਜੋ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਭਰੋਸੇਯੋਗਤਾ ਯਕੀਨੀ ਬਣਾਈ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਪ੍ਰਧਾਨਾਂ ਅਤੇ ਸਕੱਤਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਖੁਦ ਜਾਂ ਆਪਣੇ ਅਧਿਕਾਰਤ ਨੁਮਾਇੰਦਿਆਂ ਨੂੰ ਨਿਰਧਾਰਤ ਸਮੇਂ 'ਤੇ ਭੇਜ ਕੇ ਮੌਕ ਪੋਲ ਪ੍ਰਕਿਰਿਆ ਵਿੱਚ ਸ਼ਮੂਲੀਅਤ ਯਕੀਨੀ ਬਣਾਉਣ।

ਮਹਾਨ ਸ਼ਾਇਰ ਪਦਮਸ਼੍ਰੀ ਸੁਰਜੀਤ ਪਾਤਰ ਜੀ ਦੇ ਜੀਵਨ ਅਤੇ ਸਾਹਿਤਕ ਸਫ਼ਰ ਨੂੰ ਸਮਰਪਿਤ ਵਿਚਾਰ ਚਰਚਾ ਅਤੇ ਕਵੀ ਦਰਬਾਰ

ਕਪੂਰਥਲਾ/ਪੈਗਾਮ-ਏ-ਜਗਤ
(ਸੱਸਪ੍ਰੀਤ ਸਿੰਘ "ਧਿਸਣ")

ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਅਤੇ ਕਿਤਾਬ ਮੰਚ ਕਪੂਰਥਲਾ (ਰਜਿ.) ਦੇ ਆਪਸੀ ਸਹਿਯੋਗ ਨਾਲ ਮਹਾਨ ਸ਼ਾਇਰ ਪਦਮਸ਼੍ਰੀ ਸੁਰਜੀਤ ਪਾਤਰ ਜੀ ਦੀ ਯਾਦ ਨੂੰ ਸਮਰਪਿਤ ਉਹਨਾਂ ਦੇ ਜੀਵਨ, ਸਾਹਿਤਕ ਉਪਲਬਧੀਆਂ ਅਤੇ ਸਾਹਿਤਕਾਰਾਂ ਦੇ ਨਾਲ ਨਿੱਜੀ ਤਸਵਰਿਆਂ ਬਾਰੇ ਇੱਕ ਵਿਚਾਰ ਚਰਚਾ ਮਿਤੀ 11 ਮਈ 2026 ਨੂੰ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਵਿਖੇ ਦੁਪਹਿਰ 3 ਵਜੇ ਕਰਵਾਈ ਜਾ ਰਹੀ ਹੈ। ਕਿਤਾਬ ਮੰਚ ਕਪੂਰਥਲਾ ਦੇ ਪ੍ਰਧਾਨ ਡਾ. ਹਰਭਜਨ ਸਿੰਘ ਅਤੇ ਜਨਰਲ ਸਕੱਤਰ ਮੋਫ਼ਮ ਸਵਰਾਜ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪਾਤਰ ਸਾਹਿਬ ਦੀ ਬਰਸੀ ਮੌਕੇ ਉਹਨਾਂ ਨੂੰ ਸਮਰਪਿਤ ਸਮਾਗਮ ਉਲੀਕਿਆ ਜਾ ਰਿਹਾ ਹੈ,

ਇਸ ਵਿਸ਼ੇਸ਼ ਸਮਾਗਮ ਵਿੱਚ ਇਲਾਕੇ ਦੇ ਕਵੀ ਪਾਤਰ ਸਾਹਿਬ ਨੂੰ ਆਪੋ-ਆਪਣੀਆਂ ਰਚਨਾਵਾਂ ਸਮਰਪਿਤ ਕਰਨਗੇ। ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਸ੍ਰੀਮਤੀ ਜਸਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਿਤਾਬ ਮੰਚ ਕਪੂਰਥਲਾ ਦਾ ਇਹ ਸ਼ਲਾਘਾਯੋਗ ਉਪਰਾਲਾ ਹੈ ਕਿ ਉਹ ਪੰਜਾਬ ਦੇ ਨਾਮਵਰ ਸ਼ਾਇਰ ਨੂੰ ਇਸ ਸਮਾਗਮ ਦੇ ਜਰੀਏ ਯਾਦ ਕਰਕੇ ਸ਼ਰਧਾਂਜਲੀ ਭੇਟ ਕਰ ਰਹੇ ਹਨ। ਉਹਨਾਂ ਕਿਹਾ ਕਿ ਇਸ ਸਾਂਝ ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਕਾਸ਼ਿਤ ਪੁਸਤਕਾਂ ਦੀ ਇੱਕ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ ਜਿੱਥੋਂ ਪਾਠਕ ਆਪਣੀ ਰੁਚੀ ਅਤੇ ਪਸੰਦ ਅਨੁਸਾਰ ਕਿਤਾਬਾਂ ਖ਼ਰੀਦ ਸਕਦੇ ਹਨ।

ਡੀਸੀ ਰਾਹੁਲ ਨਰਵਾਲ ਦੀ ਅਗਵਾਈ ਹੇਠ ਵਿਸ਼ਵ ਰੈੱਡ ਕਰਾਸ ਦਿਵਸ 'ਤੇ ਹਾਂਸੀ ਵਿੱਚ ਖ਼ੂਨਦਾਨ ਕੈਂਪ ਦਾ ਆਯੋਜਨ

ਪੈਗਾਮ-ਏ-ਜਗਤ
ਹਾਂਸੀ (ਦਿਨਕਰ ਗਾਬਾਵੀ)

ਵਿਸ਼ਵ ਰੈੱਡ ਕਰਾਸ ਦਿਵਸ ਦੇ ਮੌਕੇ 'ਤੇ, ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ, ਹਾਂਸੀ ਨੇ ਹਾਂਸੀ ਦੇ ਆਸ਼ਰਮ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ, ਜਿਸ ਵਿੱਚ ਮਨੁੱਖਤਾ, ਦਇਆ ਅਤੇ ਸਮਾਜਿਕ ਸਮਰਪਣ ਪ੍ਰਤੀ ਨਿਰਸਵਾਰਥ ਸੇਵਾ ਦਾ ਪ੍ਰੇਰਨਾਦਾਇਕ ਸੰਦੇਸ਼ ਦਿੱਤਾ ਗਿਆ। ਇਹ ਸਮਾਗਮ ਭਾਰਤੀ ਰੈੱਡ ਕਰਾਸ ਸੋਸਾਇਟੀ, ਹਰਿਆਣਾ ਰਾਜ ਸ਼ਾਖਾ (ਚੰਡੀਗੜ੍ਹ) ਦੇ ਅੰਕੁਸ਼ ਮਿਗਲਾਨੀ (ਉਪ ਪ੍ਰਧਾਨ) ਅਤੇ ਡਾ. ਸੁਨੀਲ ਕੁਮਾਰ (ਜਨਰਲ ਸਕੱਤਰ) ਦੇ ਨਾਲ-ਨਾਲ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ, ਹਾਂਸੀ ਦੇ ਰਾਹੁਲ ਨਰਵਾਲ (ਡਿਪਟੀ ਕਮਿਸ਼ਨਰ ਅਤੇ ਚੇਅਰਮੇਨ) ਦੇ ਨਿਰਦੇਸ਼ਾਂ ਹੇਠ ਕਰਵਾਇਆ ਗਿਆ; ਇਹ ਜ਼ਿਲ੍ਹਾ ਰੈੱਡ ਕਰਾਸ ਸ਼ਾਖਾ, ਹਾਂਸੀ ਦੇ ਸਕੱਤਰ ਰਵਿੰਦਰ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ।

ਪ੍ਰੋਗਰਾਮ ਦੌਰਾਨ, ਰੈੱਡ ਕਰਾਸ ਲਹਿਰ ਦੇ ਸੰਸਥਾਪਕ ਹੇਨਰੀ ਡੂਨੈਂਟ ਦਾ ਜਨਮਦਿਨ ਕੇਕ ਕੱਟਣ ਦੀ ਰਸਮ ਰਾਹੀਂ ਸ਼ੁਰਾਆ ਅਤੇ ਸ਼ਤਿਕਾਰ ਨਾਲ ਮਨਾਇਆ ਗਿਆ। ਉਨ੍ਹਾਂ ਦੇ ਨਿਰਸਵਾਰਥ ਸੇਵਾ, ਕੁਰਬਾਨੀ ਅਤੇ ਪਰਉਪਕਾਰ ਦੇ ਆਦਰਸ਼ਾਂ ਨੂੰ ਯਾਦ ਕਰਦੇ ਹੋਏ, ਮੌਜੂਦ ਲੋਕਾਂ ਨੇ ਸਮਾਜ ਦੇ ਲੋੜਵੰਦ ਮੈਂਬਰਾਂ ਦੀ ਸਹਾਇਤਾ ਲਈ ਹੰਮਝਾ ਤਿਆਰ ਰਹਿਣ ਦਾ ਪ੍ਰਣ ਲਿਆ।

ਇਸ ਮੌਕੇ 'ਤੇ, ਆਸ਼ਰਮ ਦੇ ਨਿਵਾਸੀਆਂ ਨੂੰ ਅੰਮ੍ਰਲ ਦੁੱਧ, ਫਲ ਅਤੇ ਸ਼ਿਮਕੁਟ ਵੰਡੇ ਗਏ। ਰੈੱਡ ਕਰਾਸ ਸ਼ਾਖਾ ਵੱਲੋਂ ਕੀਤੀ ਗਈ ਇਸ ਦਿਆਲੂ ਪਹਿਲਕਦਮੀ ਨੇ ਆਸ਼ਰਮ ਦੇ ਅੰਦਰ ਖ਼ੁਸ਼ੀ ਦਾ ਮਾਹੌਲ ਪੈਦਾ ਕਰ ਦਿੱਤਾ। ਸਮਾਗਮ ਵਿੱਚ ਹਾਜ਼ਰ ਲੋਕਾਂ ਨੇ ਟਿੱਪਣੀ ਕੀਤੀ ਕਿ ਰੈੱਡ ਕਰਾਸ ਸੰਸਥਾ ਲੋੜਵੰਦਾਂ ਅਤੇ ਬੇਸਹਾਰਾ ਲੋਕਾਂ ਦੀ ਲਗਾਤਾਰ ਸੇਵਾ ਕਰਕੇ ਸਮਾਜ ਵਿੱਚ ਮਨੁੱਖਤਾ ਦੀ ਇੱਕ ਚਮਕਦਾਰ ਉਦਾਹਰਣ ਕਾਇਮ ਕਰ ਰਹੀ ਹੈ।

ਇਸ ਤੋਂ ਇਲਾਵਾ, ਜ਼ਿਲ੍ਹਾ ਰੈੱਡ ਕਰਾਸ ਦਫ਼ਤਰ ਵਿਖੇ ਇੱਕ ਸਵੈ-ਇੱਛਤ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਨੌਜਵਾਨਾਂ, ਸਮਾਜ ਸੇਵਕਾਂ ਅਤੇ ਖ਼ੂਨਦਾਨੀਆਂ ਨੇ ਕੈਂਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਖ਼ੂਨਦਾਨ ਕੀਤਾ। ਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਨਿਯਮਿਤ ਤੌਰ 'ਤੇ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਸ਼ੁਭਚਾਰਿਆਂ ਨੇ ਜ਼ੋਰ

ਟੈਗੋਰ ਜਯੰਤੀ, ਮਹਾਰਾਣਾ ਪ੍ਰਤਾਪ ਜਯੰਤੀ, ਅਤੇ 'ਮਾਂ ਦਿਵਸ' ਦੇ ਮੌਕੇ 'ਤੇ ਪੀ.ਐਲ. ਜਿੰਦਲ ਕਾਨਵੈਂਟ ਸਕੂਲ ਵਿਖੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ

ਰਤੀਆ, 8 ਮਈ/ਪੈਗਾਮ-ਏ-ਜਗਤ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

'ਮਾਂ ਦਿਵਸ', ਟੈਗੋਰ ਜਯੰਤੀ, ਅਤੇ ਮਹਾਰਾਣਾ ਪ੍ਰਤਾਪ ਜਯੰਤੀ ਦੇ ਵਿਸ਼ੇਸ਼ ਮੌਕਿਆਂ ਨੂੰ ਬਹੁਤ ਉਤਸ਼ਾਹ ਨਾਲ ਮਨਾਉਂਦੇ ਹੋਏ, ਪੀ.ਐਲ. ਜਿੰਦਲ ਸਕੂਲ ਨੇ ਨਰਸਰੀ ਤੋਂ ਲੈ ਕੇ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਵੱਖ-ਵੱਖ ਮੁਕਾਬਲੇ ਕਰਵਾਏ।

ਵਿਦਿਆਰਥੀਆਂ ਨੇ ਪੂਰੇ ਦਿਲ ਨਾਲ ਹਿੱਸਾ ਲਿਆ, ਕਵਿਤਾ ਪਾਠ, ਕਹਾਣੀਆਂ, ਨਾਟਕ, ਨਾਚ ਪ੍ਰਦਰਸ਼ਨ ਅਤੇ ਭਾਸ਼ਣ ਪੇਸ਼ ਕੀਤੇ - ਇਹ ਸਾਰੇ ਬਹੁਤ ਹੀ ਸ਼ਲਾਘਾਯੋਗ ਸਨ। ਨਰਸਰੀ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਲਈ, ਆਪਣੀ ਮਾਂ ਦੀ ਫੋਟੋ ਦੇ ਨਾਲ ਕੁਝ ਲਾਈਨਾਂ ਲਿਖਣ ਦੇ ਨਾਲ-ਨਾਲ ਕਾਰਡ ਬਣਾਉਣ ਅਤੇ ਤੋਹਫ਼ੇ ਬਣਾਉਣ ਦੀਆਂ ਗਤੀਵਿਧੀਆਂ ਦੇ ਮੁਕਾਬਲੇ ਕਰਵਾਏ ਗਏ; ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਕੂਲ ਦੇ ਮੁੱਖ ਨਿਰਦੇਸ਼ਕ, ਸ੍ਰੀ ਤਰਸੇਮ ਜਿੰਦਲ ਅਤੇ ਸ੍ਰੀ ਮੋਹਨ ਜੈਨ ਨੇ ਵੀ ਮਾਵਾਂ ਅਤੇ ਉਨ੍ਹਾਂ ਦੁਆਰਾ ਕੀਤੀਆਂ ਕੁਰਬਾਨੀਆਂ ਬਾਰੇ ਆਪਣੇ ਵਿਚਾਰ ਸਾਂਝੇ ਕਰਨ ਦਾ ਮੌਕਾ ਲਿਆ। ਇਸ ਮੌਕੇ 'ਤੇ ਆਪਣੇ ਸੰਦੇਸ਼ ਵਿੱਚ, ਸਕੂਲ ਪ੍ਰਿੰਸੀਪਲ ਮੰਨਾ ਤਨੇਜਾ ਨੇ ਕਿਹਾ ਕਿ ਇਹ ਸਿਰਫ਼ ਅੱਜ ਦਾ ਦਿਨ ਨਹੀਂ ਹੈ, ਸਗੋਂ ਹਰ ਇੱਕ ਦਿਨ, ਸਾਡੀਆਂ ਮਾਵਾਂ ਪ੍ਰਤੀ ਸਤਿਕਾਰ ਅਤੇ ਪਿਆਰ ਨਾਲ ਭਰਿਆ ਹੋਣਾ ਚਾਹੀਦਾ ਹੈ।

ਇਸ ਤੋਂ ਇਲਾਵਾ, ਉਨ੍ਹਾਂ ਨੇ ਰਬਿੰਦਰਨਾਥ ਟੈਗੋਰ ਅਤੇ ਮਹਾਰਾਣਾ ਪ੍ਰਤਾਪ ਦੇ ਜੀਵਨ 'ਤੇ ਚਾਨਣਾ ਪਾਇਆ, ਉਨ੍ਹਾਂ ਦੁਆਰਾ ਰਾਸ਼ਟਰ ਲਈ ਕੀਤੀਆਂ ਕੁਰਬਾਨੀਆਂ ਨੂੰ ਉਜਾਗਰ ਕੀਤਾ। ਇਸ ਮੌਕੇ ਸਕੂਲ ਸਟਾਫ਼ ਦੇ ਹੋਰ ਮੈਂਬਰ ਵੀ ਮੌਜੂਦ ਸਨ।

ਸ਼ਹੀਦ ਉਧਮ ਸਿੰਘ ਭਵਨ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਮਾਗਮ ਕਰਵਾਇਆ ਗਿਆ

ਪੈਗਾਮ-ਏ-ਜਗਤ/ਚੰਡੀਗੜ੍ਹ (ਹਰਮਿਦਰ ਸਿੰਘ ਨਾਗਪਾਲ)

ਸੈਕਟਰ 44-ਸੀ ਸਥਿਤ ਸ਼ਹੀਦ ਉਧਮ ਸਿੰਘ ਭਵਨ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਇੱਕ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ, ਜਿਸ ਉਪਰੰਤ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਕਲਾਕਾਰ ਸ੍ਰੀ ਜੋਗਾ ਸਿੰਘ ਨੇ ਸ਼ਹੀਦਾਂ ਦੀ ਮਹਿਮਾ ਵਿੱਚ ਗੀਤ ਪੇਸ਼ ਕੀਤੇ।

ਇਸ ਮੌਕੇ ਕਈ ਪ੍ਰਮੁੱਖ ਹਸਤੀਆਂ ਹਾਜ਼ਰ ਸਨ, ਜਿਨ੍ਹਾਂ ਵਿੱਚ ਭਾਜਪਾ ਆਗੂ ਸੰਜੇ ਟੰਡਨ, ਬੀਬੀ ਲਪਵਿੰਦਰ ਕੌਰ ਗਰਚਾ, ਐਸ.ਕੇ. ਵਰਮਾ, ਅਤੇ ਡਿਪਟੀ ਮੇਅਰ ਮੋਹਲੀ ਕੁਲਜੀਤ ਸਿੰਘ ਬੇਦੀ ਸ਼ਾਮਲ? ਸਨ। ਕਿਸਾਨ ਮੋਰਚੇ ਦੇ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਵੀ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਵਿਦੇਸ਼ ਦੌਰੇ ਤੋਂ ਗਏ ਸੀਨੀਅਰ ਡਿਪਟੀ ਮੇਅਰ ਜਸਮਨਪ੍ਰੀਤ ਸਿੰਘ ਨੇ ਆਪਣਾ ਸੰਦੇਸ਼ ਭੇਜਿਆ। ਸੋਸਾਇਟੀ ਦੀ ਚੇਅਰਪਰਸਨ ਸ੍ਰੀਮਤੀ ਸਲਿੰਦਰ ਕੌਰ ਚੰਦੀ ਦੀ ਅਗਵਾਈ ਹੇਠ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਖਰਾਬ ਮੌਸਮ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੇ ਅੰਤ ਵਿੱਚ ਭਾਰਤ ਦੀ ਆਜ਼ਾਦੀ ਲਈ ਕੁਰਬਾਨੀ ਦੇਣ ਵਾਲੇ ਸਾਰੇ ਸ਼ਹੀਦਾਂ ਦੇ ਦਿਨ ਮਨਾਉਣ ਦਾ ਪ੍ਰਣ ਲਿਆ ਗਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਰਾਮ ਸਿੰਘ ਬਲੌਗੀ ਵੱਲੋਂ ਨਿਭਾਈ ਗਈ।

ਵਿਸ਼ਵ ਥੈਲੇਸੀਮੀਆ ਦਿਵਸ 'ਤੇ ਖ਼ੂਨਦਾਨ ਕੈਂਪ ਲਾਇਆ

ਅੰਬਾਲਾ, 8 ਮਈ (ਆਰ. ਸਿੰਘ) (ਪੈਗਾਮ-ਏ-ਜਗਤ)

ਅੰਬਾਲਾ-ਸ਼ਾਹਬਾਦ ਜੀਟੀ ਰੋਡ ਤੇ ਮੋਹਰਾ ਸਥਿਤ ਆਦੇਸ਼ ਮੈਡੀਕਲ ਕਾਲਜ ਅਤੇ ਹਸਪਤਾਲ ਵੱਲੋਂ ਅੱਜ ਵਿਸ਼ਵ ਥੈਲੇਸੀਮੀਆ ਦਿਵਸ ਦੇ ਮੌਕੇ 'ਤੇ ਰੋਟਰੀ ਕਲੱਬ ਸ਼ਾਹਬਾਦ ਦੇ

- **ਥੈਲੇਸੀਮੀਆ ਤੋਂ ਪੀੜਤ ਬੱਚੇ ਵੀ ਹਰ ਟੀਚਾ ਪ੍ਰਾਪਤ ਕਰ ਸਕਦੇ ਹਨ: ਡਾ. ਗੁਣਤਾਸ ਗਿੱਲ**

ਸਹਿਯੋਗ ਨਾਲ ਆਪਣੇ ਬਲੱਡ ਬੈਂਕ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਕੈਂਪ ਵਿਚ ਮੈਡੀਕਲ ਵਿਦਿਆਰਥੀਆਂ ਅਤੇ ਜਨਤਾ ਨੇ ਉਤਸ਼ਾਹ ਨਾਲ ਖ਼ੂਨ ਦਾਨ ਕੀਤਾ। ਹਸਪਤਾਲ ਦੇ ਬਲੱਡ ਬੈਂਕ ਦੀ ਟੀਮ ਨੇ ਕੁਲ 53 ਯੂਨਿਟ ਖ਼ੂਨ ਇਕੱਠਾ ਕੀਤਾ ਜੋ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਲਾਭਦਾਇਕ ਸਾਬਤ ਹੋਵੇਗਾ। ਖ਼ੂਨਦਾਨ ਕੈਂਪ ਦਾ

ਉਦਘਾਟਨ ਰੋਟਰੀ ਕਲੱਬ ਸ਼ਾਹਬਾਦ ਦੇ ਪ੍ਰਧਾਨ ਡਾ. ਆਰ.ਐਸ. ਘੁੰਮਣ ਅਤੇ ਆਦੇਸ਼ ਹਸਪਤਾਲ ਦੇ ਐਮ.ਡੀ. ਡਾ. ਗੁਣਤਾਸ ਸਿੰਘ ਗਿੱਲ ਨੇ ਸਾਂਝੇ ਤੌਰ 'ਤੇ ਕੀਤਾ। ਦੋਹਾਂ ਨੇ ਇਸ ਮੌਕੇ 'ਤੇ ਕਿਹਾ ਕਿ ਥੈਲੇਸੀਮੀਆ ਵਰਗੀ ਗੰਭੀਰ ਬਿਮਾਰੀ ਤੋਂ ਪੀੜਤ ਬੱਚਿਆਂ ਨੂੰ ਨਿਯਮਤ ਖ਼ੂਨ ਚੜ੍ਹਾਉਣ ਦੀ ਲੋੜ ਹੁੰਦੀ ਹੈ ਅਤੇ ਖ਼ੂਨ ਦਾਨ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਭ ਤੋਂ ਵੱਡੀ ਉਮੀਦ ਹੈ। ਲੋਕਾਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਕਰਨ ਦੀ ਅਪੀਲ ਕਰਦਿਆਂ ਡਾ. ਗੁਣਤਾਸ ਗਿੱਲ ਨੇ ਕਿਹਾ ਕਿ ਖ਼ੂਨ ਦਾਨ ਨਿਰਫ਼ ਇੱਕ ਦਾਨ ਨਹੀਂ ਹੈ ਸਗੋਂ ਕਿਸੇ ਦੀ ਜ਼ਿੰਦਗੀ ਵਿੱਚ ਨਵੀਂ ਉਮੀਦ ਜਗਾਉਣ ਦਾ ਸਾਧਨ ਹੈ। ਡਾ. ਆਰ.ਐਸ. ਘੁੰਮਣ ਨੇ ਕਿਹਾ ਕਿ ਸਮਾਜ ਨੂੰ ਥੈਲੇਸੀਮੀਆ ਪ੍ਰਤੀ ਜਾਗਰੂਕ ਹੋਣ ਦੀ ਲੋੜ ਹੈ ਤਾਂ ਜੋ ਸਮੇਂ ਸਿਰ ਜਾਂਚ ਅਤੇ ਇਲਾਜ ਸੰਭਵ ਹੋ ਸਕੇ। ਡਾ.ਗੁਣਤਾਸ ਸਿੰਘ ਗਿੱਲ ਨੇ ਕਿਹਾ ਕਿ ਥੈਲੇਸੀਮੀਆ ਤੋਂ ਪੀੜਤ ਬੱਚੇ ਕਿਸੇ ਤੋਂ ਘੱਟ ਨਹੀਂ ਹਨ। ਜੇ ਉਨ੍ਹਾਂ ਨੂੰ ਸਹੀ ਇਲਾਜ, ਪਿਆਰ ਅਤੇ ਸਹਾਇਤਾ ਮਿਲੇ ਤਾਂ ਉਹ ਜ਼ਿੰਦਗੀ ਦੇ ਹਰ ਮੀਲ ਪੱਥਰ ਨੂੰ ਪ੍ਰਾਪਤ ਕਰ ਸਕਦੇ ਹਨ। ਬਾਅਦ ਵਿੱਚ ਆਦੇਸ਼ ਹਸਪਤਾਲ ਵਿਖੇ ਆਯੋਜਿਤ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਡਾ. ਗੁਣਤਾਸ ਸਿਘ ਗਿੱਲ ਅਤੇ ਰੋਟਰੀ ਕਲੱਬ ਦੇ ਮੈਂਬਰਾਂ ਨੇ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਨਾਲ ਮੁਲਾਕਾਤ ਕੀਤੀ ਅਤੇ ਬੱਚਿਆਂ ਨੂੰ ਇਹ ਕਹਿ ਕੇ ਪ੍ਰੇਰਿਤ ਕੀਤਾ ਕਿ ਜ਼ਿੰਦਗੀ ਸਿਰਫ਼ ਸਰੀਰਕ ਤਾਕਤ ਨਾਲ ਹੀ ਨਹੀਂ ਸਗੋਂ ਮਜ਼ਬੂਤ ਮਾਨਸਿਕ ਸੋਚ ਅਤੇ ਆਤਮਵਿਸ਼ਵਾਸ ਨਾਲ ਵੀ ਜਿਊਂਦੀ ਹੈ। ਪ੍ਰੋਗਰਾਮ ਦੌਰਾਨ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦੇ ਚਿਹਰਿਆਂ 'ਤੇ ਖ਼ੁਸ਼ੀ ਸਾਫ਼ ਦਿਖਾਈ ਦੇ ਰਹੀ ਸੀ।

ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਡਾ. ਐਨ.ਐਸ. ਲਾਂਬਾ, ਡਾ: ਵਿਕਰਾਂਤ, ਡਾ: ਅਭਿਤੇਸ਼, ਡਾ: ਸੰਗਰ, ਰਾਜ ਕੁਮਾਰ ਗਰਗ, ਡਾ: ਐਸ.ਐਸ. ਅਹੂਜਾ, ਵਿਕਰਮ ਗੁਪਤਾ, ਮਹੇਸ਼ ਗੋਇਲ, ਪ੍ਰਿਤਪਾਲ ਸਿੰਘ ਢਿੱਲੋਂ, ਐਸ.ਸੀ ਸਿੰਗਲਾ ਆਦਿ ਹਾਜ਼ਰ ਸਨ।

'ਭਾਰਤ ਵਿਚ ਰਹਿਣਾ ਹੈ ਤਾਂ ਵੰਦੇ ਮਾਤਰਮ ਗਾਉਣਾ ਹੋਵੇਗਾ': ਊਰਜਾ ਮੰਤਰੀ ਅਨਿਲ ਵਿਜ ਦਾ ਓਵੈਸੀ ਦੇ ਬਿਆਨ 'ਤੇ ਤਿੱਖਾ ਪਲਟਵਾਂ ਵਾਰ

ਅੰਬਾਲਾ, 8 ਮਈ (ਆਰ.ਸਿੰਘ) (ਪੈਗਾਮ-ਏ-ਜਗਤ)

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਏਆਈਐਮਆਈਐਮ ਨੇਤਾ ਅਸਦੁਦੀਨ ਓਵੈਸੀ ਦੇ ਇਸ ਬਿਆਨ 'ਤੇ ਤਿੱਖਾ ਪ੍ਰਤੀਕਰਮ ਦਿੱਤਾ ਹੈ ਕਿ ਵੰਦੇ ਮਾਤਰਮ ਨੂੰ ਰਾਸ਼ਟਰੀ ਗੀਤ ਜਨ ਗਣ ਮਨ ਨਾਲ ਨਹੀਂ ਜੋੜਿਆ ਜਾ ਸਕਦਾ। ਵਿਜ ਨੇ ਕਿਹਾ ਕਿ ਸਾਡਾ ਰਾਸ਼ਟਰੀ ਗੀਤ ਵੰਦੇ ਮਾਤਰਮ ਸਾਡੇ ਰਾਸ਼ਟਰੀ ਗੀਤ ਜਿੰਨਾ ਹੀ ਮਹੱਤਵਪੂਰਨ ਹੈ ਅਤੇ ਇਸ ਨੂੰ ਗਾਉਣਾ ਤੇ ਸਤਿਕਾਰ ਕਰਨਾ ਸਾਡੇ ਰਾਸ਼ਟਰੀ ਗੀਤ, ਜਨ ਗਣ ਮਨ ਦਾ ਸਤਿਕਾਰ ਕਰਨ ਜਿੰਨਾ ਹੀ ਮਹੱਤਵਪੂਰਨ ਹੈ। ਵਿਜ ਨੇ ਕਿਹਾ ਕਿ ਜੇ ਤੁਸੀਂ ਭਾਰਤ ਵਿੱਚ ਰਹਿਣਾ ਚਾਹੁੰਦੇ ਹੋ ਤਾਂ ਤੁਹਾਨੂੰ ਵੰਦੇ ਮਾਤਰਮ ਗਾਉਣਾ ਪਵੇਗਾ।

- **ਭਗਵੰਤ ਮਾਨ ਨੇ ਸ਼ਾਇਦ ਬਹੁਤ ਜ਼ਿਆਦਾ ਸ਼ਰਾਬ ਪੀਣੀ ਸ਼ੁਰੂ ਕਰ ਦਿੱਤੀ ਹੈ ਅਤੇ ਉਸੇ ਨਸ਼ੇ ਉਹ ਗ਼ੈਰ-ਜ਼ਿੰਮੇਵਾਰਾਨਾ ਬਿਆਨ ਦੇ ਰਹੇ ਹਨ : ਅਨਿਲ ਵਿਜ**

ਪੰਜਾਬ ਧਮਾਕੇ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਭਾਜਪਾ 'ਤੇ ਦੋਸ਼ਾਂ ਅਤੇ ਪੰਜਾਬ ਦੇ ਡੀਜੀਪੀ ਦੇ ਵੱਖ-ਵੱਖ ਬਿਆਨਾਂ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਊਰਜਾ ਮੰਤਰੀ ਨੇ ਕਿਹਾ ਕਿ ਭਗਵੰਤ ਮਾਨ ਨੇ ਸ਼ਾਇਦ ਬਹੁਤ ਜ਼ਿਆਦਾ ਸ਼ਰਾਬ ਪੀਣੀ ਸ਼ੁਰੂ ਕਰ ਦਿੱਤੀ ਹੈ ਅਤੇ ਉਸ ਦੇ ਪ੍ਰਭਾਵ ਹੇਠ ਅਜਿਹੇ ਗ਼ੈਰ-ਜ਼ਿੰਮੇਵਾਰਾਨਾ ਬਿਆਨ ਦੇ ਰਹੇ ਹਨ। ਮੰਤਰੀ ਵਿਜ ਨੇ ਕਿਹਾ ਕਿ ਉਹ ਆਪਣੇ ਹੀ ਅਧਿਕਾਰੀਆਂ ਵਿਰੁੱਧ ਬਿਆਨ ਦੇ ਰਹੇ ਹਨ ਅਤੇ ਜੇਕਰ ਉਹ ਮੰਨਦੇ ਹਨ ਕਿ ਭਾਜਪਾ ਨੇ ਇਹ ਸਭ ਕੀਤਾ ਹੈ ਤਾਂ ਉਨ੍ਹਾਂ ਨੂੰ ਇਹ ਸਾਬਤ ਕਰਨਾ ਚਾਹੀਦਾ ਹੈ ਨਹੀਂ ਤਾਂ ਅਸਤੀਫ਼ਾ ਦੇਣਾ ਚਾਹੀਦਾ ਹੈ ਕਿਉਂਕਿ ਉਹ ਪੰਜਾਬ ਦੇ ਮੁੱਖ ਮੰਤਰੀ ਅਤੇ ਗ੍ਰਹਿ ਮੰਤਰੀ ਦੋਵੇਂ ਹਨ। ਉਨ੍ਹਾਂ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਤੁਛਾਰਨ ਤੋਂ ਡਰੇ ਹੋਏ ਹਨ ਜੋ ਬੰਗਾਲ ਅਤੇ ਅਸਾਮ ਤੋਂ ਸ਼ੁਰੂ ਹੋਇਆ ਹੈ ਅਤੇ ਹੁਣ ਪੰਜਾਬ ਵੱਲ ਵਧ ਰਿਹਾ ਹੈ ਅਤੇ ਇਸੇ ਲਈ ਉਹ ਭਾਜਪਾ 'ਤੇ ਬੇਬੁਨਿਆਦ ਦੋਸ਼ ਲਗਾ ਰਹੇ ਹਨ ਕਿਉਂਕਿ ਭਾਜਪਾ ਪੰਜਾਬ ਵਿੱਚ ਸਰਕਾਰ ਬਣਾਉਣ ਵਾਲੀ ਹੈ।

ਹਰਿਆਣਾ ਦੇ ਤਿੰਨ ਜ਼ਿਲ੍ਹਿਆਂ ਵਿੱਚ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਬਾਰੇ ਅਨਿਲ ਵਿਜ ਨੇ ਕਿਹਾ ਕਿ ਭਾਜਪਾ ਤਿੰਨਾਂ ਵਿੱਚ ਹੂੰਝਾ ਫੇਰੂ ਜਿੱਤ ਪ੍ਰਾਪਤ ਕਰੇਗੀ। ਉਨ੍ਹਾਂ ਕਿਹਾ ਕਿ ਭਾਜਪਾ ਦੀ ਹਵਾ ਦੇਸ਼ ਭਰ ਵਿੱਚ ਚੱਲ ਰਹੀ ਹੈ ਅਤੇ ਜਿੱਥੇ ਵੀ ਚੋਣਾਂ ਹੋ ਰਹੀਆਂ ਹਨ ਭਾਜਪਾ ਜਿੱਤ ਰਹੀ ਹੈ।

ਬੰਗਾਲ ਵਿਖੇ ਜਿਨ੍ਹਾਂ ਨੇ ਗੈਂਗਸਟਰਵਾਦ ਦੇ ਆਧਾਰ 'ਤੇ 15 ਸਾਲ ਰਾਜ ਕੀਤਾ ਸੀ ਇਸ ਹਵਾ ਨੇ ਉਨ੍ਹਾਂ ਦੇ ਤੰਬੂ ਉਖਾੜ ਦਿੱਤੇ ਤਾਂ ਇਹ ਛੋਟੇ-ਮੋਟੇ ਲੋਕ ਕੀ ਹਨ?

ਦੋ-ਰੋਜ਼ਾ ਗੱਤਕਾ, ਤੀਰਅੰਦਾਜ਼ੀ, ਅਥਲੈਟਿਕਸ ਅਤੇ ਕਬੱਡੀ ਖੇਡ ਸਮਾਗਮ ਦੀਆਂ ਤਿਆਰੀਆਂ ਮੁਕੰਮਲ

ਰਤੀਆ, 8 ਮਈ/ਪੈਗਾਮ-ਏ-ਜਗਤ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਗੁਰੂ ਨਾਨਕ ਡਿਫੈਂਸ ਐਂਡ ਸਪੋਰਟਸ ਅਕੈਡਮੀ, ਰਤੀਆ ਦੇ ਵਿਸ਼ਾਲ ਅਹਾਤੇ ਵਿੱਚ 9 ਅਤੇ 10 ਮਈ ਨੂੰ ਹੋਣ ਵਾਲੇ ਦੋ-ਰੋਜ਼ਾ ਖੇਡ ਮੁਕਾਬਲੇ ਲਈ ਤਿਆਰੀਆਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਇਹ ਜਾਣਕਾਰੀ ਦਿੰਦੇ ਹੋਏ ਅਕੈਡਮੀ ਦੇ ਸੀਈਓ, ਗੁਰਜੀਤ ਸਿੰਘ ਅਤੇ ਮੁੱਖ ਕੋਚ, ਸੁਮਿਤ ਕੁਮਾਰ ਨੇ ਦੱਸਿਆ ਕਿ ਇਹ ਦੋ-ਰੋਜ਼ਾ ਖੇਡ ਸਮਾਗਮ ਪਹਿਲੀ ਵਾਰ ਰਤੀਆ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਇੱਕ ਵਿਲੱਖਣ ਵਾਰਮੇਟ ਹੈ। ਤਿਆਰੀਆਂ ਹੁਣ ਪੂਰੀ ਤਰ੍ਹਾਂ ਮੁਕੰਮਲ ਹੋਣ ਦੇ ਨਾਲ, ਇਸ ਸਮਾਗਮ ਦਾ ਉਦਘਾਟਨ ਸਾਬਕਾ ਸੰਸਦ ਮੈਂਬਰ ਅਤੇ ਮੁੱਖੀ ਨੇਤਾ, ਸ੍ਰੀਮਤੀ ਸੁਨੀਤਾ ਦੁੱਗਲ ਕਰਨਗੇ, ਜੋ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।

ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ, ਉਨ੍ਹਾਂ ਸਪੱਸ਼ਟ ਕੀਤਾ ਕਿ 9 ਮਈ ਦੀ ਸਵੇਰ ਨੂੰ, 'ਸ੍ਰੀ ਸੁਖਮਨੀ ਸਾਹਿਬ' ਦੇ ਪਾਠ ਅਤੇ 'ਅਰਦਾਸ' (ਪ੍ਰਾਰਥਨਾ) ਤੋਂ ਬਾਅਦ, ਗੱਤਕਾ ਅਤੇ ਤੀਰਅੰਦਾਜ਼ੀ ਸਮਾਗਮ ਸ਼ੁਰੂ ਹੋਣਗੇ। ਇਸ ਉਦਘਾਟਨੀ ਦਿਨ, ਖਿਡਾਰੀ ਗੱਤਕਾ ਅਤੇ ਤੀਰਅੰਦਾਜ਼ੀ ਦੇ ਵਿਸ਼ਿਆਂ ਵਿੱਚ ਮੁਕਾਬਲਾ ਕਰਨਗੇ। ਪਹਿਲੇ ਦਿਨ ਦੇ ਸਮਾਪਤੀ ਸਮਾਰੋਹ ਵਿੱਚ ਰਤੀਆ ਦੇ ਸਾਬਕਾ ਵਿਧਾਇਕ ਸ੍ਰੀ ਲਕਸ਼ਮਣ ਨਾਪਾ ਦੀ ਮੌਜੂਦਗੀ ਹੋਵੇਗੀ। ਇਸ ਖੇਡ ਸਮਾਗਮ ਨੂੰ ਲੈ ਕੇ ਨੌਜਵਾਨਾਂ ਵਿੱਚ ਬਹੁਤ ਉਤਸ਼ਾਹ ਹੈ। 10 ਮਈ ਨੂੰ, ਐਥਲੈਟਿਕ ਈਵੈਂਟਸ - ਜਿਸ ਵਿੱਚ ਟਰੈਕ ਐਂਡ ਫੀਲਡ, ਖੋ-ਖੋ,

ਵਾਲੀਬਾਲ ਅਤੇ ਕਬੱਡੀ ਸ਼ਾਮਲ ਹਨ - ਹੋਣਗੇ, ਜਿਸ ਵਿੱਚ ਹਰਿਆਣਾ ਅਨੁਸੂਚਿਤ ਜਨਜਾਤੀ ਕਮਿਸ਼ਨ ਦੇ ਚੇਅਰਮੇਨ, ਪ੍ਰੋਫੈਸਰ ਰਵਿੰਦਰ ਬਲਿਆਲਾ ਸ਼ਾਮਲ ਹੋਣਗੇ।

ਅੰਤਿਮ ਸਮਾਪਤੀ ਸਮਾਰੋਹ ਦੌਰਾਨ, ਜੇਤੂ ਐਥਲੀਟਾਂ ਨੂੰ ਰਤੀਆ ਦੇ ਮੌਜੂਦਾ ਵਿਧਾਇਕ ਸ੍ਰੀ ਜਰਨੈਲ ਸਿੰਘ ਦੁਆਰਾ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਨੋਟ ਕੀਤਾ ਕਿ ਇੱਕ ਅਧਿਕਾਰਤ ਪ੍ਰਬੰਧਕ ਟੀਮ ਇਸ ਦੋ-ਰੋਜ਼ਾ ਖੇਡ ਮੇਲੇ ਦੇ ਅੰਦਰ ਸਾਰੇ ਈਵੈਂਟਾਂ ਦੀਆਂ ਤਿਆਰੀਆਂ ਦੀ ਨਿਗਰਾਨੀ ਕਰ ਰਹੀ ਹੈ। ਆਪਣੀ ਖੁਸ਼ੀ ਪ੍ਰਗਟ ਕਰਦੇ ਹੋਏ, ਅਕੈਡਮੀ ਦੇ ਸੀਈਓ ਗੁਰਜੀਤ ਸਿੰਘ, ਮੁੱਖ ਕੋਚ ਸੁਮਿਤ ਕੁਮਾਰ, ਅਤੇ ਗੁਰੂ ਨਾਨਕ ਅਕੈਡਮੀ ਦੀ ਪ੍ਰਿੰਸੀਪਲ ਜਸਵੀਰ ਕੌਰ ਨੇ ਟਿੱਪਣੀ ਕੀਤੀ ਕਿ ਇਹ ਇੱਕ ਮੋਹਰੀ ਅਕੈਡਮੀ ਹੈ - ਨਾ ਸਿਰਫ਼ ਰਤੀਆ ਖੇਤਰ ਦੇ ਅੰਦਰ ਸਗੋਂ ਹਰਿਆਣਾ ਭਰ ਵਿੱਚ - ਜੋ ਕਿ ਪੂਰੇ ਦੇਸ਼ ਦੇ ਐਥਲੀਟਾਂ ਦੀ ਦਿਲਚਸਪੀ ਨੂੰ ਆਕਰਸ਼ਿਤ ਕਰ ਰਹੀ ਹੈ ਜੋ ਹਿੱਸਾ ਲੈਣ

ਮੈਂਬਰ ਪੰਜਾਬ ਸਟੇਟ ਫੂਡ ਕਮਿਸ਼ਨ ਨੇ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਕੀਤਾ ਨਿਰੀਖਣ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜਸੀਤ ਅਜਨੋਹਾ)

ਮੈਂਬਰ ਪੰਜਾਬ ਸਟੇਟ ਫੂਡ ਕਮਿਸ਼ਨ ਚੇਤਨ ਪ੍ਰਕਾਸ਼ ਧਾਲੀਵਾਲ ਨੇ 6 ਅਤੇ 8 ਮਈ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ। ਇਸ ਦੌਰੇ ਦੇ ਆਰੰਭ ਵਿੱਚ ਆਰੀਆ ਗਰਲਜ਼ ਸਕੂਲ, ਐਲੀਮੈਂਟਰੀ ਸਕੂਲ, ਕੰਮਟੀ ਘਰ ਮੁਕੇਰੀਆਂ ਅਤੇ ਮਿਡਲ ਸਕੂਲ ਕੋਲੀਆਂ ਦਾ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਮਿਡ ਡੇ ਮੀਲ ਅਤੇ ਅਨਾਜ ਭੰਡਾਰ ਘਰ ਦਾ ਨਿਰੀਖਣ ਕੀਤਾ ਗਿਆ। ਇਨ੍ਹਾਂ ਸਕੂਲਾਂ ਵਿੱਚ ਮਿਡ ਡੇ ਮੀਲ ਦਾ ਪ੍ਰਬੰਧ ਠੀਕ ਪਾਇਆ ਗਿਆ। ਇਸ ਉਪਰੰਤ ਐਲੀਮੈਂਟਰੀ ਸਕੂਲ ਖਿੱਚੀਆਂ, ਕੋਲੀਆਂ, ਹਰਸ

ਮਾਨਸਾ ਵਿਖੇ ਮਿਡ ਡੇ ਮੀਲ ਵਿੱਚ ਖਾਮੀਆਂ ਪਾਈਆਂ ਗਈਆਂ ਜਿਸ ਸਬੰਧੀ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੂੰ ਸਖਤ ਤਾੜਨਾ ਕੀਤੀ ਗਈ ਅਤੇ ਭਵਿੱਖ ਵਿੱਚ ਅਣਗਹਿਲੀ ਪਾਏ ਜਾਣ 'ਤੇ ਸਖਤ ਕਾਰਵਾਈ ਕਰਨ ਸਬੰਧੀ ਹਦਾਇਤ ਕੀਤੀ ਗਈ।

ਸਕੂਲਾ ਦੀ ਚੈਕਿੰਗ ਉਪਰੰਤ ਆਂਗਣਵਾੜੀ ਸੈਂਟਰ ਮੁਕੇਰੀਆਂ, ਖਿੱਚਿਆ, ਰਾਜਪੂਤ ਕੋਲੀਆ ਹਰਸੇ ਮਾਨਸਾ ਦਾ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਸੈਂਟਰਾਂ ਦੇ ਰਿਕਾਰਡ ਚੈਕ ਕੀਤੇ ਗਏ ਅਤੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਗਈ। ਇਸ ਤੋਂ ਉਪਰੰਤ ਬੀਪੀਓ, ਸੀਡੀਪੀਓ, ਏਐਫਐਸਓ ਅਤੇ ਹੋਰ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਅਧਿਕਾਰੀਆਂ ਤੋਂ ਸਕੀਮਾਂ ਸਬੰਧੀ ਜਾਣਕਾਰੀ ਲਈ ਗਈ ਅਤੇ ਸਬੰਧਤਾਂ ਨੂੰ ਹਦਾਇਤਾਂ ਕੀਤੀ ਗਈ ਕਿ ਕੁੱਕ ਕਮ ਹੈਲਪਰਾਂ ਤੇ ਟੀਚੀ ਅਤੇ ਚਮੜੀ ਰੋਗਾਂ ਦੇ ਟੈਸਟ ਕਰਵਾਏ ਜਾਣ ਅਤੇ ਆਪਣੇ ਬਲਾਕ ਵਿੱਚ ਹਵਡੇ ਵਿੱਚ ਦੋ ਸਕੂਲਾਂ ਦੀ ਆਪਣੇ ਪੱਧਰ 'ਤੇ ਚੈਕਿੰਗ ਵੀ ਕੀਤੀ ਜਾਵੇ ਅਤੇ ਸੀਡੀਪੀਓ ਨੂੰ ਹਦਾਇਤ ਕੀਤੀ ਗਈ ਕੀ ਆਂਗਣਵਾੜੀ ਦਾ ਸਮਾਨ ਨੂੰ ਸੈਂਟਰ ਵਿਖੇ ਹੀ ਰੱਖਿਆ ਜਾਵੇ ਅਤੇ ਕਿਸੇ ਹੋਰ ਜਗਹ'ਹਾ 'ਤੇ ਨਾ ਰੱਖਿਆ ਜਾਵੇ ਅਤੇ ਸਮਾਨ ਨੂੰ ਲਾਭਪਾਤਰੀਆਂ ਨੂੰ ਜਲਦ ਤੋਂ ਜਲਦ ਵੰਡ ਦਿੱਤਾ ਜਾਵੇ। ਇਸ ਮੌਕੇ ਮੈਂਬਰ ਸਾਹਿਬਾਨ ਵਲੋਂ ਮੌਕੇ 'ਤੇ ਮੌਜੂਦ ਲਾਭਪਾਤਰੀਆਂ ਨੂੰ ਕਮਿਸ਼ਨ ਦੇ ਹੇਲਪਲਾਈਨ ਨੰਬਰ 98767-64545 ਦੀ ਜਾਣਕਾਰੀ ਵੀ ਦਿੱਤੀ ਗਈ ਅਤੇ ਨਾਲ ਹੀ ਦੱਸਿਆ ਕੀ ਉਹ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆ ਸਕੀਮਾਂ ਸਬੰਧੀ ਜ਼ਿਕਾਇਤ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ(ਵਿਕਾਸ), ਹੁਸ਼ਿਆਰਪੁਰ ਕੋਲ ਦਰਜ ਵੀ ਕਰਵਾ ਸਕਦੇ ਹਨ। ਉਪਰੋਕਤ ਸਥਾਨਾਂ ਦੀ ਚੈਕਿੰਗ ਕਰਨ ਉਪਰੰਤ ਮੈਂਬਰ ਸਾਹਿਬਾਨ ਵਲੋਂ ਮੌਜੂਦ ਅਧਿਕਾਰੀਆਂ ਦਾ ਧੰਨਵਾਦ ਕਰਦੇ ਹੋਏ ਦੌਰੇ ਦੀ ਸਮਾਪਤੀ ਕੀਤੀ ਗਈ।

ਸਿਵਲ ਸਰਜਨ ਵੱਲੋਂ ਬੜਮਾਜਰਾ ਵਿਚ ਡੇਂਗੂ ਰੋਕਥਾਮ ਮੁਹਿੰਮ ਦਾ ਨਿਰੀਖਣ

ਸਿਹਤ ਟੀਮਾਂ ਨੇ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਕੀਤਾ ਕੰਟੇਨਰ ਸਰਵੇ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 8 ਮਈ (ਪੈਗਾਮ-ਏ-ਜਗਤ)

ਹਰ ਸ਼ੁੱਕਰਵਾਰ, ਡੇਂਗੂ ਤੇ ਵਾਰ', ਮੁਹਿੰਮ ਤਹਿਤ ਅੱਜ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਜ਼ਿਲ੍ਹਾ ਭਰ ਵਿੱਚ ਵੱਖ-ਵੱਖ ਉੱਚ-ਜੋਖਮ ਅਤੇ ਹੋਰ ਖੇਤਰਾਂ ਵਿਚ ਕੰਟੇਨਰ ਸਰਵੇ ਕੀਤਾ ਅਤੇ ਲੋਕਾਂ ਨੂੰ ਡੇਂਗੂ ਜਿਹੇ ਮਾਰੂ ਬੁਖਾਰ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਵਾਸਤੇ ਜਾਣਕਾਰੀ ਦਿੱਤੀ।

ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਚੱਲੀ ਜ਼ਿਲ੍ਹਾ ਪੱਧਰੀ ਮੁਹਿੰਮ ਦੌਰਾਨ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਜਗਹ'ਹਾ ਪਾਣੀ ਇਕੱਠਾ ਨਾ ਹੋਣ ਦੇਣ ਤਾਂਕਿ ਜਾਨਲੇਵਾ ਮੱਛਰ ਪੈਦਾ ਹੀ ਨਾ ਹੋ ਸਕੇ। ਡਾ. ਜੈਨ ਨੇ ਮੋਹਾਲੀ ਨੜਕੇ ਪਿੰਡ ਬੜਮਾਜਰਾ ਵਿਖੇ ਕਈ ਘਰਾਂ ਵਿੱਚ ਜਾ ਕੇ ਕੂਲਰ ਅਤੇ ਹੋਰ ਕੰਟੇਨਰ ਚੈਕ ਕੀਤੇ। ਉਨ੍ਹਾਂ ਪੇਂਡੂ ਸਿਹਤ ਅਤੇ

ਸਫ਼ਾਈ ਕਮੇਟੀ ਦੇ ਮੈਂਬਰਾਂ ਨਾਲ ਮੀਟਿੰਗ ਵੀ ਕੀਤੀ ਅਤੇ ਡੇਂਗੂ ਰੋਕਥਾਮ ਮੁਹਿੰਮ ਵਿਚ ਉਨ੍ਹਾਂ ਦਾ ਸਹਿਯੋਗ ਮੰਗਿਆ।

ਡਾ. ਜੈਨ ਨੇ ਕਿਹਾ ਕਿ ਪਿੰਡ ਦੀ ਪੰਚਾਇਤ ਅਤੇ ਕਮੇਟੀ ਦੇ ਸਾਥ ਨਾਲ ਪਿਛਾਂ ਦੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਬਿਹਤਰ ਤਰੀਕੇ ਨਾਲ ਜਾਗਰੂਕ ਕੀਤਾ ਜਾ ਸਕਦਾ ਹੈ ਅਤੇ ਪਿੰਡ ਨੂੰ ਡੇਂਗੂ-ਮੁਕਤ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਟੀਮਾਂ ਡੇਂਗੂ ਰੋਕਥਾਮ ਲਈ ਆਪਣੇ ਤੌਰ ਤੇ ਪੂਰੀ ਵਾਹ ਲਾਉਂਦੀਆਂ ਹਨ ਪਰ ਲੋਕਾਂ ਦਾ ਸਾਥ ਵੀ ਬਹੁਤ ਜ਼ਰੂਰੀ ਹੁੰਦਾ ਹੈ। ਇਸ ਮੌਕੇ ਜ਼ਿਲ੍ਹਾ ਐਪੀਡੀਮੌਲੋਜਿਸਟ ਡਾ. ਅਨਾਮਿਕਾ ਸੈਨੀ ਨੇ ਮੌਕੇ ਤੇ ਮੌਜੂਦ ਨਰਸਿੰਗ ਕਾਲਜਾਂ ਦੇ ਵਿਦਿਆਰਥੀਆਂ ਅਤੇ ਹੋਰ ਲੋਕਾਂ ਨੂੰ ਡੇਂਗੂ ਬੁਖਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵਿਸਥਾਰਪੂਰਵਕ ਸਮਝਾਇਆ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖਾਰ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਕੁੱਝ ਦਿਨਾਂ ਵਿਚ ਖ਼ਤਰਨਾਕ ਮੱਛਰ ਦਾ ਰੂਪ ਲੈ ਲੈਂਦਾ ਹੈ ਅਤੇ ਇਹ ਵਿਅਕਤੀ ਦੀ ਜਾਨ ਵੀ ਲੈ ਸਕਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਸਰਕਾਰੀ ਸਿਹਤ ਸੰਸਥਾਵਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਹੁੰਦਾ ਹੈ। ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਡੇਂਗੂ ਇਕ ਬੁਖ਼ਾਰ ਹੈ ਜੋ ਏਡੀਜ਼ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਡੇਂਗੂ ਦੇ ਆਮ ਲੱਛਣਾਂ ਵਿੱਚ ਤੇਜ਼ ਸਿਰਦਰਦ ਅਤੇ ਤੇਜ਼ ਬੁਖ਼ਾਰ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਅੱਖ ਦੇ ਪਿਛਲੇ ਹਿੱਸੇ ਵਿਚ ਦਰਦ, ਹਾਲਤ ਖ਼ਰਾਬ ਹੋਣ 'ਤੇ ਨੱਕ, ਮੂੰਹ ਅਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ, ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਸ਼ਾਮਲ ਹਨ।

ਗਿਆਨੀ ਜਸਵੰਤ ਸਿੰਘ ਤਾਨ ਸਾਬਕਾ ਐਸ.ਜੀ.ਪੀ.ਸੀ. ਮੈਂਬਰ ਦੇ ਸਪੁੱਤਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰ ਜਸਪਾਲ ਸਿੰਘ ਤਾਨ ਸਾਥੀਆਂ ਸਮੇਤ ਭਾਜਪਾ ਵਿੱਚ ਹੋਏ ਸ਼ਾਮਿਲ

ਪੈਗਾਮ-ਏ-ਜਗਤ
ਖਰੜ (ਦਵਿੰਦਰ ਕੌਰ)

ਖਰੜ ਭਾਰਤੀ ਜਨਤਾ ਪਾਰਟੀ ਨੂੰ ਵਾਰਡ ਨੰਬਰ ਇੱਕ ਤੋਂ ਉਸ ਸਮੇਂ ਵੱਡਾ ਵੱਲ ਮਿਲਿਆ ਜਦੋਂ ਜਸਪਾਲ ਸਿੰਘ ਤਾਨ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਆਖ ਵੱਡੀ ਗਿਣਤੀ ਵਿੱਚ ਆਪਣੇ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਏ ਇਸ ਮੌਕੇ ਸੀਨੀਅਰ ਭਾਜਪਾ ਨੇਤਾ ਸਟੇਟ ਮੁਖ਼ਾਰਨੀ ਸੁਖਵਿੰਦਰ ਸਿੰਘ ਗੋਲਡੀ ਨੇ ਤੇ ਰਣਜੀਤ ਸਿੰਘ ਗਿੱਲ ਉਨਾ ਨੇ ਪਾਰਟੀ ਵਿੱਚ ਸ਼ਮੂਲੀਅਤ

ਕਰਦਿਆਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿਦਰ ਮੋਦੀ ਜੀ ਦੀਆਂ ਲੋਕ ਸੇਵਾਵਾਂ ਨੂੰ ਦੇਖਦਿਆਂ ਹੋਇਆਂ ਵੱਡੀ ਗਿਣਤੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ ਤਾਂ ਕਿ ਪੰਜਾਬ ਤੇ ਪੰਜਾਬੀਅਤ ਨੂੰ ਬਚਿਆ ਜਾ ਸਕੇ ਪੰਜਾਬ ਦੇ ਲੋਕ ਚਾਹੁੰਦੇ ਹਨ ਕਿ 2027 ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਲਈ ਤਿਆਰ ਬੈਠੇ ਹਨ ਇਸ ਮੌਕੇ ਸੁਖਵਿੰਦਰ ਸਿੰਘ ਗੋਲਡੀ ਨੇ ਭਾਜਪਾ ਪਰਿਵਾਰ ਵਿੱਚ ਸ਼ਾਮਿਲ ਹੋਏ ਸਮੂਹ ਸੰਗਤ ਨੂੰ ਜੀ ਆਇਆਂ ਆਖਿਆ ਤੇ ਬਣਦੇ ਮਾਨ ਸਨਮਾਨ ਦਾ ਵਿਸ਼ਵਾਸ ਦਵਾਇਆ ਇਸ ਮੌਕੇ ਖੁਸ਼ਵੇਤ ਰਾਏ ਗੀਗਾ ਨੇ ਕਿਹਾ ਕਿ ਖਰੜ ਵਿੱਚ ਆਉਣ ਵਾਲੀ ਨਗਰ ਕੌਂਸਲ ਭਾਰਤੀ ਜਨਤਾ ਪਾਰਟੀ ਦੀ ਬਣਨ ਜਾ ਰਹੀ ਹੈ ਇਸ ਮੌਕੇ ਕਮਲਦੀਪ ਸੈਣੀ ਨਰਿਦਰ ਰਾਣਾ ਚਰਨਜੀਤ ਸਿੰਘ ਕਾਲੇਵਾਲ ਮੰਡਲ ਪ੍ਰਧਾਨ ਕੁੱਸ਼ ਰਾਜਪੂਤ ਇੰਦੂ ਸ਼ਰਮਾ ਮਹਿਲਾ ਮੋਰਚਾ ਪ੍ਰਧਾਨ ਮੁਸਕਾਨ ਗੋਪਾਲ ਕ੍ਰਿਸ਼ਨ ਲਾਡੀ ਰੌਸ਼ਨ ਲਾਲ ਕੱਕੜ ਜਗਤਾਰ ਸਿੰਘ ਦਲਬਾਰਾ ਸਿੰਘ ਅਤੇ ਹੋਰ ਸੰਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਵਿਸ਼ਵ ਰੈਡ ਕਰਾਸ ਦਿਵਸ ਮੌਕੇ ਜ਼ਿਲ੍ਹਾ ਰੈਡ ਕਰਾਸ ਸ਼ਾਖਾ ਵੱਲੋਂ ਖੂਨਦਾਨ ਕੈਂਪ ਅਤੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 8 ਮਈ (ਪੈਗਾਮ-ਏ-ਜਗਤ)

ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈਡ ਕਰਾਸ ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸ੍ਰੀਮਤੀ ਕੋਮਲ ਮਿੱਤਲ ਆਈ.ਏ.ਐਸ. ਦੀ ਅਗਵਾਈ ਹੇਠ ਜ਼ਿਲ੍ਹਾ ਰੈਡ ਕਰਾਸ ਸ਼ਾਖਾ, ਐਸ.ਏ.ਐਸ. ਨਗਰ ਵੱਲੋਂ ਅੱਜ ਵਿਸ਼ਵ ਰੈਡ ਕਰਾਸ ਦਿਵਸ ਮੌਕੇ ਖੂਨਦਾਨ ਕੈਂਪ ਲਾਇਆ ਗਿਆ।

ਇਸ ਤੋਂ ਪਹਿਲਾਂ ਜ਼ਿਲ੍ਹਾ ਰੈਡ ਕਰਾਸ ਸ਼ਾਖਾ ਵੱਲੋਂ 6 ਮਈ 2026 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੰਜੇੜੀ, ਐਸ.ਏ.ਐਸ. ਨਗਰ ਅਤੇ 7 ਮਈ 2026 ਨੂੰ ਅਮਰ ਪ੍ਰੋਫੇਸ਼ਨਲ ਕਾਲਜ ਆਫ ਨਰਸਿੰਗ, ਦਿਆਲਪੁਰਾ, ਮੋਹਾਲੀ ਵਿਖੇ ਫਸਟ ਏਡ ਟ੍ਰੇਨਿੰਗ ਅਤੇ ਸਮਾਜਿਕ ਸਮੱਸਿਆਵਾਂ ਜਿਵੇਂ ਐਚ.ਆਈ.ਵੀ./ ਏਡਜ਼, ਨਸ਼ਿਆਂ, ਭਰੂਣ ਹੌਤਿਆ, ਰੁੱਖ ਲਗਾਉਣ, ਵਾਤਾਵਰਣ ਸੰਭਾਲ ਅਤੇ ਪਾਣੀ ਬਚਾਉਣ ਸਬੰਧੀ ਜਾਗਰੂਕਤਾ ਕੈਂਪ ਲਗਾ ਕੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ।

ਇਸ ਦੌਰਾਨ ਅਮਰ ਪ੍ਰੋਫੇਸ਼ਨਲ ਕਾਲਜ ਆਫ ਨਰਸਿੰਗ, ਦਿਆਲਪੁਰਾ ਦੇ ਵਿਦਿਆਰਥੀਆਂ ਵੱਲੋਂ ਸਟੇਟ ਐਂਬੂਲੈਂਸ ਪ੍ਰਤੀਯੋਗਤਾ ਵਿੱਚ ਹਿੱਸਾ ਲਿਆ ਗਿਆ, ਜਿਸ ਵਿੱਚ ਉਨ੍ਹਾਂ ਨੇ ਰਾਜ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ। ਇਸ ਉਪਲਬਧੀ ਲਈ ਵਧੀਕ ਡਿਪਟੀ ਕਮਿਸ਼ਨਰ-ਕਮ-ਸੀਨੀਅਰ ਮੀਤ ਪ੍ਰਧਾਨ ਸ੍ਰੀਮਤੀ ਗੀਤਿਕਾ ਸਿੰਘ, ਪੀ.ਸੀ.ਐਸ. ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਅੱਜ ਵਿਸ਼ਵਾਸ ਫਾਊਂਡੇਸ਼ਨ ਅਤੇ ਪੰਜਾਬ ਨੈਸ਼ਨਲ ਬੈਂਕ ਸੈਕਟਰ-76, ਮੋਹਾਲੀ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸ਼ਵ ਰੈਡ ਕਰਾਸ ਦਿਵਸ ਨੂੰ ਸਮਰਪਿਤ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 50 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਇਸ ਮੌਕੇ ਸ੍ਰੀ ਲਖਵਿਦਰ ਸਿੰਘ ਵੱਲੋਂ 50 ਤੋਂ ਵੱਧ ਵਾਰ ਖੂਨਦਾਨ ਕਰਨ ਦੀ ਮਿਸਾਲ ਵੀ ਪੇਸ਼ ਕੀਤੀ ਗਈ।

ਸਹਾਇਕ ਕਮਿਸ਼ਨਰ (ਜ)-ਕਮ-ਅਵੇਤਨੀ ਸਕੱਤਰ ਸ੍ਰੀਮਤੀ ਅੰਕਿਤਾ ਕਾਂਸਲ, ਪੀ.ਸੀ.ਐਸ. ਨੇ ਦੱਸਿਆ ਕਿ ਵਿਸ਼ਵ ਰੈਡ ਕਰਾਸ ਦਿਵਸ ਹਰ ਸਾਲ 8 ਮਈ ਨੂੰ ਮਨਾਇਆ ਜਾਂਦਾ ਹੈ। ਇਹ ਦਿਨ ਰੈਡ ਕਰਾਸ ਦੇ ਸੰਸਥਾਪਕ ਸਰ ਜੀਨ ਹੈਨਰੀ ਡਿਊਨਾ ਦੇ ਜਨਮ ਦਿਵਸ ਮੌਕੇ ਮਨਾਇਆ ਜਾਂਦਾ ਹੈ। ਉਨ੍ਹਾਂ ਦਾ ਜਨਮ 8 ਮਈ 1828 ਨੂੰ ਸਵਿਟਜ਼ਰਲੈਂਡ ਦੇ ਜਨੇਵਾ ਸ਼ਹਿਰ ਵਿੱਚ ਹੋਇਆ ਸੀ ਅਤੇ 1901 ਵਿੱਚ ਉਨ੍ਹਾਂ ਨੂੰ ਦੁਨਾਲੀਆ ਦੀ ਪਹਿਲਾ ਨੋਬਲ ਸ਼ਾਂਤੀ ਪੁਰਸਕਾਰ ਮਿਲਿਆ। ਉਨ੍ਹਾਂ ਵੱਲੋਂ 1863 ਵਿੱਚ ਇੰਟਰਨੈਸ਼ਨਲ ਕਮੇਟੀ ਆਫ ਰੈਡ ਕਰਾਸ (ਆਈ.ਸੀ.ਆਰ.ਸੀ.) ਦੀ ਸਥਾਪਨਾ ਕੀਤੀ ਗਈ ਸੀ। ਬਾਅਦ ਵਿੱਚ 1920 ਵਿੱਚ ਭਾਰਤ ਵਿੱਚ ਇਡੀਅਨ ਰੈਡ ਕਰਾਸ ਸੁਸਾਇਟੀ ਦੀ ਸਥਾਪਨਾ ਹੋਈ।

ਉਨ੍ਹਾਂ ਦੱਸਿਆ ਕਿ 1859 ਵਿੱਚ ਇਟਲੀ ਦੇ ਸੋਲਫੇਰੀਨੋ ਵਿੱਚ ਹੋਈ ਭਿਆਨਕ ਲੜਾਈ ਦੌਰਾਨ ਹਜ਼ਾਰਾਂ ਸੈਨਿਕਾਂ ਦੇ ਮਾਰੇ ਜਾਣ ਅਤੇ ਜ਼ਖਮੀ ਹੋਣ ਦੀ ਘਟਨਾ ਨੇ ਹੈਨਰੀ ਡਿਊਨਾ ਨੂੰ ਮਨੁੱਖਤਾ ਦੀ ਸੇਵਾ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਜ਼ਖਮੀ ਸੈਨਿਕਾਂ ਦੀ ਸੇਵਾ ਕੀਤੀ ਅਤੇ ਇਸੇ ਸੋਚ ਤੋਂ ਰੈਡ ਕਰਾਸ ਅੰਦੋਲਨ ਦੀ ਸ਼ੁਰੂਆਤ ਹੋਈ। ਵਿਸ਼ਵ ਰੈਡ ਕਰਾਸ ਦਿਵਸ ਪਹਿਲੀ ਵਾਰ 1948 ਵਿੱਚ ਮਨਾਇਆ ਗਿਆ ਸੀ, ਜਦਕਿ 1984 ਤੋਂ ਇਸ ਨੂੰ ਅਧਿਕਾਰਿਕ ਤੌਰ 'ਤੇ ਮਨਾਇਆ ਜਾ ਰਿਹਾ ਹੈ। ਇਸ ਸਾਲ ਵਿਸ਼ਵ ਰੈਡ ਕਰਾਸ ਦਿਵਸ ਦਾ ਥੀਮ "ਮਨੁੱਖਤਾ ਵਿੱਚ ਇੱਕਜੁੱਟ"ਰੱਖਿਆ ਗਿਆ ਹੈ।

ਇਸ ਮੌਕੇ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ, ਕਾਲਜਾਂ ਅਤੇ ਤਹਿਸੀਲ ਪੱਧਰ 'ਤੇ ਵੀ ਵਿਸ਼ਵ ਰੈਡ ਕਰਾਸ ਦਿਵਸ ਮਨਾਇਆ ਗਿਆ। ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਗਿਆ ਕਿ ਸੰਕਟ ਦੀ ਘੜੀ ਵਿੱਚ ਮਨੁੱਖਤਾ ਦੀ ਸੇਵਾ ਲਈ ਹਮੇਸ਼ਾਂ ਤਿਆਰ ਰਹਿਣਾ ਚਾਹੀਦਾ ਹੈ। ਰੈਡ ਕਰਾਸ ਨੇ ਹਮੇਸ਼ਾਂ ਜ਼ਿਲਾਂ ਕਿਸੇ ਕੁਦਰਤੀ ਦੀ ਦੁਨੀਆ ਭਰ ਵਿੱਚ ਮਨੁੱਖਤਾ ਦੀ ਭਲਾਈ ਲਈ ਕੰਮ ਕੀਤਾ ਹੈ ਅਤੇ ਇਸ ਦੀ ਸੇਵਾ ਤੇ ਸਮਰਪਣ ਸਭ ਲਈ ਪ੍ਰੇਰਣਾਦਾਇਕ ਹੈ।

ਹਰਬੰਸ ਸਿੰਘ, ਸਕੱਤਰ ਰੈਡ ਕਰਾਸ ਵੱਲੋਂ ਦੱਸਿਆ ਗਿਆ ਕਿ ਭਲਾਈ ਘਨੌਲੀਆ ਜੀ ਦੇ ਸੇਵਾ ਮਾਰਗ 'ਤੇ ਚੱਲਦਿਆਂ ਰੈਡ ਕਰਾਸ ਸੁਸਾਇਟੀ ਹਮੇਸ਼ਾਂ ਲੋੜਵੰਦਾਂ ਅਤੇ ਬੱਚਿਆਂ ਦੀ ਮਦਦ ਲਈ ਵਚਨਬੱਧ ਰਹੀ ਹੈ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਵਿਸ਼ਵ ਰੈਡ ਕਰਾਸ ਦਿਵਸ ਦੇ ਇਤਿਹਾਸ ਅਤੇ ਰੈਡ ਕਰਾਸ ਦੀ ਮਨੁੱਖਤਾ